ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 22 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

Exclusive News

## ਨਹੀਂ ਰਹੇ ਪੋਪ ਫਰਾਂਸਿਸ, 88 ਸਾਲ ਦੀ ਉਮਰ ਵਿੱਚ ਲਏ ਆਖਰੀ ਸਾਹ



**ਵੈਟੀਕਨਸਿਟੀ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਈਸਾਈਆਂ ਦੇ ਸਭ ਤੋਂ ਵੱਡੇ ਧਾਰਮਿਕ ਆਗੂ ਪੋਪ ਫਰਾਂਸਿਸ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦਾ ਦੇਹਾਂਤ 88 ਸਾਲ ਦੀ ਉਮਰ ਵਿੱਚ ਹੋਇਆ ਹੈ। ਵੈਟੀਕਨ ਨੇ ਉਨ੍ਹਾਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਉਹ ਕਾਫ਼ੀ ਸਮੇਂ ਤੋਂ ਬਿਮਾਰ ਸਨ। ਵੈਟੀਕਨ ਨੇ ਸੋਮਵਾਰ ਨੂੰ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਉਹ ਰੋਮਨ ਕੈਥੋਲਿਕ ਚਰਚ ਦੇ ਪਹਿਲੇ ਲਾਤੀਨੀ ਅਮਰੀਕੀ ਧਰਮ ਗੁਰੂ ਸਨ। ਉਨ੍ਹਾਂ ਦੇ ਦੋਵੇਂ ਫੇਫੜਿਆਂ ਵਿੱਚ ਨਮੂਨੀਆ ਸੀ, ਜਿਸ ਕਾਰਨ ਉਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਸੀ। ਉਹ ਕਾਫ਼ੀ ਸਮੇਂ ਤੋਂ ਹਸਪਤਾਲ ਵਿੱਚ ਸਨ। ਉਹ 38 ਦਿਨਾਂ ਤੱਕ ਹਸਪਤਾਲ ਵਿੱਚ ਰਹੇ ਅਤੇ ਹਾਲ ਹੀ ਵਿੱਚ ਉਸਨੂੰ ਹਸਪਤਾਲ 'ਚੋਂ ਛੁੱਟੀ ਮਿਲੀ ਸੀ। ਉਨ੍ਹਾਂ ਦੀ ਮੌਤ ਉਨ੍ਹਾਂ ਦੇ ਨਿਵਾਸ ਸਥਾਨ ਕਾਸਾ ਸੈਂਟਾ ਮਾਰਟਾ ਵਿਖੇ ਹੋਈ। ਪੋਪ ਫਰਾਂਸਿਸ ਨੇ ਸੇਂਟ ਪੀਟਰਜ਼ ਸਕੁਏਅਰ ਵਿੱਚ 35,000 ਲੋਕਾਂ ਦੀ ਭੀੜ ਦਾ ਹੱਥ ਮਿਲਾ ਕੇ ਸਵਾਗਤ ਸਵੀਕਾਰ ਕੀਤਾ ਸੀ।

### ਸੁਪਰੀਮ ਕੋਰਟ ਨੇ ਕੇਂਦਰ ਸਣੇ ਤਿੰਨ ਹੋਰ ਸੂਬਿਆਂ ਤੋਂ ਮੰਗਿਆ ਜਵਾਬ

# ਹਵਾਰਾ ਦੀ ਜੇਲ੍ਹ ਤਬਾਦਲੇ ਦੀ ਪਟੀਸ਼ਨ 'ਤੇ ਸੁਣਵਾਈ ਟਲੀ

**ਚੰਡੀਗੜ੍ਹ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਦੋਸ਼ੀ ਕਰਾਰ ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਦਿੱਲੀ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਜੇਲ੍ਹ ਵਿੱਚ ਤਬਦੀਲ ਕਰਨ ਸਬੰਧੀ ਦਾਇਰ ਪਟੀਸ਼ਨ 'ਤੇ ਸੁਪਰੀਮ ਕੋਰਟ ਵਿੱਚ ਸੁਣਵਾਈ ਫਿਰ ਟੱਲ ਗਈ ਹੈ। ਜਸਟਿਸ



ਬੀ.ਆਰ.ਗਵਈ ਦੀ ਅਗਵਾਈ ਵਾਲੇ ਬੈਂਚ ਨੇ ਸੋਮਵਾਰ ਨੂੰ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਦੀ ਬੇਨਤੀ 'ਤੇ ਅਗਲੀ ਸੁਣਵਾਈ ਦੀ ਤਰੀਕ ਦਿੱਤੀ। ਪੰਜਾਬ ਸਰਕਾਰ ਨੇ 4 ਫਰਵਰੀ, 2025 ਨੂੰ ਹੋਈ ਸੁਣਵਾਈ ਦੌਰਾਨ ਹਵਾਰਾ ਦੀ ਪਟੀਸ਼ਨ ਦਾ ਸਖ਼ਤ ਵਿਰੋਧ ਕਰਦਿਆਂ ਹੋਇਆਂ ਕਿਹਾ ਸੀ ਕਿ ਉਨ੍ਹਾਂ ਨੂੰ ਸਿਰਫ਼ ਚੰਡੀਗੜ੍ਹ ਹੀ ਤਬਦੀਲ ਕੀਤਾ ਜਾ ਸਕਦਾ ਹੈ, ਪੰਜਾਬ ਵਿੱਚ ਨਹੀਂ ਕਿਉਂਕਿ ਉਨ੍ਹਾਂ ਦੀ ਸੁਣਵਾਈ ਦੀ ਪ੍ਰਕਿਰਿਆ ਚੰਡੀਗੜ੍ਹ ਵਿੱਚ ਹੋਈ ਸੀ। ਪੰਜਾਬ ਦੇ ਐਡਵੋਕੇਟ ਜਨਰਲ ਨੇ ਅਦਾਲਤ ਨੂੰ ਦੱਸਿਆ ਕਿ ਹਵਾਰਾ ਨੇ ਪਹਿਲਾਂ 2018 ਵਿੱਚ ਦਿੱਲੀ ਹਾਈ ਕੋਰਟ ਵਿੱਚ ਵੀ ਇਸੇ ਤਰ੍ਹਾਂ ਦੀ ਪਟੀਸ਼ਨ ਦਾਇਰ ਕੀਤੀ ਸੀ, ਜਿਸ ਨੂੰ ਖਾਰਜ ਕਰ ਦਿੱਤਾ ਗਿਆ ਸੀ। ਅਦਾਲਤ ਨੇ ਭਾਈ ਹਵਾਰਾ ਦੀ ਪਟੀਸ਼ਨ 'ਤੇ ਕੇਂਦਰ, ਦਿੱਲੀ ਸਰਕਾਰ ਅਤੇ ਚੰਡੀਗੜ੍ਹ ਪ੍ਰਸ਼ਾਸਨ ਤੋਂ ਜਵਾਬ ਮੰਗਿਆ ਹੈ। ਭਾਈ ਹਵਾਰਾ ਨੇ ਦਲੀਲ ਦਿੱਤੀ ਹੈ ਕਿ ਦਿੱਲੀ ਵਿੱਚ ਉਨ੍ਹਾਂ ਵਿਰੁੱਧ ਕੋਈ ਕੇਸ ਲੰਬਿਤ ਨਹੀਂ ਹੈ। ਉਹ ਪੰਜਾਬ ਵਿੱਚ ਇੱਕ ਪੁਰਾਣੇ ਕੇਸ ਦੀ ਸੁਣਵਾਈ ਵਿੱਚ ਸ਼ਾਮਲ ਨਹੀਂ ਹੋ ਪਾ ਰਹੇ ਕਿਉਂਕਿ ਉਨ੍ਹਾਂ ਨੂੰ ਦਿੱਲੀ ਤੋਂ ਪੇਸ਼ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਦੀ 14 ਸਾਲ ਦੀ ਧੀ ਪੰਜਾਬ ਵਿੱਚ ਰਹਿੰਦੀ ਹੈ, ਪਰ ਉਹ ਜੇਲ੍ਹ ਵਿੱਚ ਹੋਣ ਕਰਕੇ ਉਸ ਨੂੰ ਮਿਲ ਨਹੀਂ ਪਾ ਰਹੇ। ਜੇਲ੍ਹ ਵਿੱਚ ਉਨ੍ਹਾਂ ਦਾ ਆਚਰਣ ਚੰਗਾ ਰਿਹਾ ਹੈ ਅਤੇ ਪੰਜਾਬ ਦੇ ਜੇਲ੍ਹਾਂ ਦੇ ਡਾਇਰੈਕਟਰ ਜਨਰਲ ਨੇ 2016 ਵਿੱਚ ਹੀ ਉਨ੍ਹਾਂ ਦੇ ਤਬਾਦਲੇ ਦੀ ਸਿਫਾਰਸ਼ ਕੀਤੀ ਸੀ।

## ਪੁਲਸ ਨਾਲ ਮੁਕਾਬਲੇ 'ਚ ਮਾਰਿਆ ਗਿਆ ਮੁੰਡਾ, ਆਹਮੋ-ਸਾਹਮਣੇ ਹੋਈ ਫਾਈਰਿੰਗ

**ਜਲੰਧਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੋਮਵਾਰ ਦੁਪਹਿਰ ਨੂੰ ਜਲੰਧਰ ਦਿਹਾਤੀ ਦੇ ਸ਼ਾਹਕੋਟ ਸਬ-ਡਿਵੀਜ਼ਨ ਦੇ ਲੋਹੀਆ ਥਾਣਾ ਖੇਤਰ ਵਿੱਚ ਨਸ਼ਾ ਤਸਕਰਾਂ ਨੂੰ ਫੜਨ ਗਈ ਪੁਲਸ 'ਤੇ ਗੋਲੀਬਾਰੀ ਕੀਤੀ ਗਈ। ਆਪਣੇ ਬਚਾਅ ਵਿੱਚ, ਪੁਲਸ ਵੱਲੋਂ ਗੋਲੀਬਾਰੀ ਵੀ ਕੀਤੀ ਗਈ। ਇਸ ਦੌਰਾਨ ਨਸ਼ਾ ਤਸਕਰ ਗੁਰਪ੍ਰੀਤ ਉਰਫ਼ ਗੋਪੀ ਦੇ ਪੇਟ ਵਿੱਚ ਗੋਲੀ ਲੱਗੀ। ਇਸ ਤੋਂ ਬਾਅਦ ਦੋਸ਼ੀ ਨੂੰ ਲੋਹੀਆ ਸਿਵਲ ਹਸਪਤਾਲ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਪੁਲਸ ਨੇ ਮੁਲਜ਼ਮ ਦੇ ਦੋ ਸਾਥੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਿਨ੍ਹਾਂ ਦੀ ਪਛਾਣ ਲਵਪ੍ਰੀਤ ਉਰਫ਼ ਲੱਬਾ ਅਤੇ ਰੋਹਿਤ ਉਰਫ਼ ਰੋਹੀ ਵਜੋਂ ਹੋਈ ਹੈ। ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ. ਐੱਸ. ਪੀ. ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਸੀ. ਆਈ. ਏ. ਸਟਾਫ ਨੂੰ ਗੁਪਤ ਸੂਚਨਾ ਮਿਲੀ ਸੀ ਕਿ 3 ਮੁਲਜ਼ਮ ਇੱਕ ਤਸਕਰੀ ਦੇ ਮਾਮਲੇ ਵਿੱਚ ਘੁੰਮ ਰਹੇ ਹਨ ਅਤੇ ਹੈਰੋਇਨ ਦੀ ਸਪਲਾਈ ਕਰ ਰਹੇ ਹਨ। ਜਿਸ ਵਿੱਚ ਰੋਹਿਤ, ਲਵਪ੍ਰੀਤ ਅਤੇ ਗੁਰਪ੍ਰੀਤ ਉਰਫ਼ ਗੋਪੀ ਨਾਮ ਦਾ ਵਿਅਕਤੀ ਸ਼ਾਮਲ ਹੈ। ਗੁਪਤ ਸੂਚਨਾ ਦੇ ਆਧਾਰ 'ਤੇ ਸੀ. ਆਈ. ਏ. ਪੁਲਸ ਨੇ ਕਾਰਵਾਈ ਸ਼ੁਰੂ ਕਰ ਦਿੱਤੀ। ਜਦੋਂ ਉਕਤ ਨੌਜਵਾਨ ਬਾਈਕ 'ਤੇ ਘੁੰਮ ਰਹੇ ਸਨ, ਤਾਂ ਗੁਰਪ੍ਰੀਤ ਗੋਪੀ ਨੇ ਪੁਲਸ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਸੀ. ਆਈ. ਏ. ਵਿੱਚ ਤਾਇਨਾਤ ਏ. ਐੱਸ. ਆਈ. ਮਨਦੀਪ ਨੇ ਜਵਾਬੀ ਕਾਰਵਾਈ ਕਰਦਿਆਂ ਤਸਕਰਾਂ 'ਤੇ ਗੋਲੀਬਾਰੀ ਕੀਤੀ। ਇਸ ਦੌਰਾਨ, ਇਹ ਗੋਪੀ ਦੇ ਪੇਟ ਦੇ ਉੱਪਰਲੇ ਹਿੱਸੇ ਵਿੱਚ ਗੋਲੀ ਵੱਜੀ, ਜਿਸ ਕਾਰਨ ਉਹ ਜ਼ਖਮੀ ਹੋ ਗਿਆ। ਉਸਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਸਿਵਲ ਹਸਪਤਾਲ ਵਿੱਚ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਇਸ ਦੌਰਾਨ, ਰੋਹਿਤ ਅਤੇ ਲਵਪ੍ਰੀਤ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 100 ਗ੍ਰਾਮ ਹੈਰੋਇਨ, 30 ਬੋਰ ਦਾ ਪਿਸਤੌਲ, 3 ਰੌਂਦ ਅਤੇ ਇੱਕ ਬਾਈਕ ਬਰਾਮਦ ਕੀਤੀ ਗਈ ਹੈ। ਗੁਰਪ੍ਰੀਤ ਵਿਰੁੱਧ 6 ਮਾਮਲੇ ਦਰਜ ਸਨ, ਜਿਨ੍ਹਾਂ ਵਿੱਚ ਕੇਸ 307 ਅਤੇ ਲੁੱਟ ਦੇ ਹੋਰ ਮਾਮਲੇ ਸ਼ਾਮਲ ਸਨ। ਗ੍ਰਿਫ਼ਤਾਰ ਕੀਤੇ ਗਏ ਰੋਹਿਤ ਖ਼ਿਲਾਫ਼ ਚਾਰ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਅਸਲਾ ਐਕਟ ਤਹਿਤ ਤਿੰਨ ਮਾਮਲੇ ਅਤੇ ਲੜਾਈ-ਝਗੜੇ ਦਾ ਇੱਕ ਮਾਮਲਾ ਸ਼ਾਮਲ ਹੈ। ਲਵਪ੍ਰੀਤ ਵਿਰੁੱਧ ਚਾਰ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਐਨਡੀਪੀਐਸ ਐਕਟ ਅਤੇ ਆਰਮਜ਼ ਐਕਟ ਤਹਿਤ ਮਾਮਲੇ ਸ਼ਾਮਲ ਹਨ। ਪੁਲਸ ਅਧਿਕਾਰੀ ਨੇ ਦੱਸਿਆ ਕਿ ਗੋਪੀ 2024 ਵਿੱਚ ਜ਼ਮਾਨਤ 'ਤੇ ਜੇਲ੍ਹ ਤੋਂ ਬਾਹਰ ਆਇਆ ਅਤੇ ਦੁਬਾਰਾ ਡਕੈਤੀ ਅਤੇ ਹੋਰ ਮਾਮਲਿਆਂ ਵਿੱਚ ਸ਼ਾਮਲ ਪਾਇਆ ਗਿਆ।

## ਜਗਦੀਸ਼ ਟਾਈਟਲਰ ਦੇ ਸਿੱਖ ਕਤਲੇਆਮ ਵਿਚ ਕਥਿਤ ਇਕਬਾਲੀਆ ਬਿਆਨ ਦੀ ਸੀਡੀ ਅਦਾਲਤ ਅੰਦਰ ਚਲਾਈ ਗਈ

### ਮਨਜੀਤ ਸਿੰਘ ਜੀਕੇ ਵਲੋਂ ਦਿੱਤੀ ਗਈ ਸੀਡੀ ਵਿਚ ਜਗਦੀਸ਼ ਟਾਈਟਲਰ ਨੇ ਮੰਨਿਆ ਕਿ ਉਸਨੇ 1984 ਵਿੱਚ 100 ਸਿੱਖਾਂ ਦਾ ਕੀਤਾ ਸੀ ਕਤਲ

ਨਵੀਂ ਦਿੱਲੀ 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਕਤਲੇਆਮ ਵਿਚ ਮੁੱਖ ਦੋਸ਼ੀ ਜਗਦੀਸ਼ ਟਾਈਟਲਰ ਵਿਰੁੱਧ ਇਕ ਸਟਿੰਗ ਆਪ੍ਰੇਸ਼ਨ ਦੀ ਇਹ ਸੀਡੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਵਲੋਂ ਸੀਬੀਆਈ ਨੂੰ ਦਿੱਤੀ ਸੀ ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਜਗਦੀਸ਼ ਟਾਈਟਲਰ ਨੇ ਮੰਨਿਆ ਹੈ ਕਿ ਉਸਨੇ 1984 ਵਿੱਚ 100 ਸਿੱਖਾਂ ਦਾ ਕਤਲ ਕੀਤਾ ਸੀ, ਉਹ ਸੀਡੀ ਅਦਾਲਤ ਵਿੱਚ ਚਲਾਈ ਗਈ ਅਤੇ ਇਹ ਸਾਫ਼ ਦੇਖਿਆ ਜਾ ਸਕਦਾ ਹੈ ਕਿ ਜਗਦੀਸ਼ ਟਾਈਟਲਰ ਕਹਿ ਰਿਹਾ ਹੈ ਕਿ ਉਸਨੇ 100 ਸਿੱਖਾਂ ਨੂੰ ਮਾਰਿਆ ਸੀ। ਹਾਲਾਂਕਿ, ਟਾਈਟਲਰ ਦੇ ਵਕੀਲ ਨੇ ਅਦਾਲਤ ਦੇ ਸਾਹਮਣੇ ਇਸਨੂੰ ਝੂਠਾ ਕਰਾਰ ਦਿੱਤਾ ਹੈ। ਇਹ ਸਟਿੰਗ ਆਪ੍ਰੇਸ਼ਨ ਸਾਲ 2012 ਵਿੱਚ ਕੀਤਾ ਗਿਆ ਸੀ। ਸੀਨੀਅਰ ਵਕੀਲ ਐਚ.ਐਸ.ਫੂਲਕਾ ਨੇ ਅੱਜ ਇਸ ਸਟਿੰਗ ਬਾਰੇ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ 1984 ਦੇ ਸਿੱਖ ਕਤਲੇਆਮ ਦੌਰਾਨ ਪੁਲ ਬੰਗਸ਼ ਗੁਰਦੁਆਰੇ ਵਿੱਚ 3 ਸਿੱਖਾਂ ਦੀ ਹੱਤਿਆ



ਦੇ ਸਬੰਧ ਵਿੱਚ ਜਗਦੀਸ਼ ਟਾਈਟਲਰ ਵਿਰੁੱਧ ਕੇਸ ਅੱਜ ਸੂਚੀਬੱਧ ਕੀਤਾ ਗਿਆ ਸੀ । ਡੀਐਸਜੀਐਮਸੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਸੀਬੀਆਈ ਨੂੰ ਇੱਕ ਸਟਿੰਗ ਆਪ੍ਰੇਸ਼ਨ ਦੀ ਸੀ.ਡੀ ਭੇਜੀ ਸੀ। ਇਸ ਸਟਿੰਗ ਆਪ੍ਰੇਸ਼ਨ ਵਿੱਚ ਜਗਦੀਸ਼ ਟਾਈਟਲਰ ਨੇ ਮੰਨਿਆ ਸੀ ਕਿ ਉਸਨੇ 100 ਸਿੱਖਾਂ ਨੂੰ ਮਾਰਿਆ ਸੀ ਅਤੇ ਮੈਂ ਬਹੁਤ ਸ਼ਕਤੀਸ਼ਾਲੀ ਹਾਂ। ਫੂਲਕਾ ਨੇ ਅੱਗੇ ਕਿਹਾ ਕਿ ਇਹ ਸਟਿੰਗ ਆਪ੍ਰੇਸ਼ਨ 2012 ਦਾ ਹੈ। ਅਦਾਲਤ ਅੰਦਰ ਜਗਦੀਸ਼ ਟਾਈਟਲਰ ਦਾ ਵਕੀਲ ਇਹ ਸਾਬਤ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ ਕਿ ਸਟਿੰਗ ਆਪ੍ਰੇਸ਼ਨ ਜਗਦੀਸ਼ ਟਾਈਟਲਰ ਦਾ ਨਹੀਂ ਹੈ। ਪਰ ਸਾਨੂੰ ਭਰੋਸਾ ਹੈ ਕਿ ਮਨਜੀਤ ਸਿੰਘ ਜੀਕੇ ਦੇ ਬਿਆਨ ਤੋਂ ਬਾਅਦ ਜਗਦੀਸ਼ ਟਾਈਟਲਰ ਵੀ ਸਲਾਖਾਂ ਪਿੱਛੇ ਹੋਵੇਗਾ। ਜਿਕਰਯੋਗ ਹੈ ਕਿ ਅਦਾਲਤ ਨੇ ਪਿਛਲੇ ਸਾਲ 13 ਸਤੰਬਰ ਨੂੰ ਜਗਦੀਸ਼ ਟਾਈਟਲਰ ਵਿਰੁੱਧ ਕਤਲ ਅਤੇ ਹੋਰ ਅਪਰਾਧਾਂ ਲਈ ਦੋਸ਼ ਤੈਅ ਕੀਤੇ ਸਨ। ਇੱਕ ਗਵਾਹ ਨੇ ਅਦਾਲਤ ਨੂੰ ਦੱਸਿਆ ਕਿ 1 ਨਵੰਬਰ 1984 ਨੂੰ, ਟਾਈਟਲਰ ਗੁਰਦੁਆਰੇ ਦੇ ਸਾਹਮਣੇ ਇੱਕ ਚਿੱਟੀ ਕਾਰ ਵਿੱਚ ਆਇਆ ਅਤੇ ਭੀੜ ਨੂੰ ਸਿੱਖਾਂ ਵਿਰੁੱਧ ਭੜਕਾਇਆ, ਜਿਸ ਕਾਰਨ ਕਤਲੇਆਮ ਹੋਇਆ ਟਾਈਟਲਰ ਨੂੰ ਹੋਰ ਸ਼ਰਤਾਂ ਦੇ ਨਾਲ-ਨਾਲ, ਕੇਸ ਨਾਲ ਸਬੰਧਤ ਸਬੂਤਾਂ ਨਾਲ ਛੇੜਛਾੜ ਨਾ ਕਰਨ ਜਾਂ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਦੇਸ਼ ਛੱਡਣ ਦਾ ਨਿਰਦੇਸ਼ ਦਿੱਤਾ ਗਿਆ ? ਇਸ ਮੌਕੇ ਜੀਕੇ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਸੱਜਣ ਕੁਮਾਰ ਨੂੰ ਸਲਾਖਾਂ ਪਿੱਛੇ ਪਹੁੰਚਾਇਆ ਸੀ ਉਸੇ ਤਰ੍ਹਾਂ ਹੁਣ ਟਾਈਟਲਰ ਦਾ ਵੀ ਸਲਾਖਾਂ ਪਿੱਛੇ ਜਾਣ ਦਾ ਰਾਹ ਖੁਲ ਗਿਆ ਹੈ ਤੇ ਕਤਲੇਆਮ ਪੀੜੀਤਾਂ ਨੂੰ ਜਲਦ ਹੀ ਓਹ ਸਲਾਖਾਂ ਪਿੱਛੇ ਨਜ਼ਰ ਆਏਗਾ ।

### ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਸਮੂਹ ਸਿੱਖ ਜਥੇਬੰਦੀਆਂ ਦਾ

# ਇਕਜੁੱਟ ਹੋਣਾ ਸਮੇਂ ਦੀ ਲੋੜ- ਜਥੇਦਾਰ ਕੁਲਦੀਪ ਸਿੰਘ ਗੜਗੱਜ

ਨਵੀਂ ਦਿੱਲੀ, 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖੀ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਸਿੱਖ ਜਥੇਬੰਦੀਆਂ, ਮਿਸ਼ਨਰੀ ਕਾਲਜਾਂ, ਸੰਸਥਾਵਾਂ ਤੇ ਪ੍ਰਚਾਰਕਾਂ ਨੂੰ ਇੱਕਜੁੱਟਤਾ ਨਾਲ ਅਗਾਂਹ ਵਧਣ ਲਈ ਆਖਿਆ ਹੈ। ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪ੍ਰੈੱਸ ਕਾਨਫ਼ਰੰਸ ਦੌਰਾਨ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰੂ ਸਿਧਾਂਤਾਂ ਅਨੁਸਾਰ ਸਾਨੂੰ ਸਾਰਿਆਂ ਨੂੰ ਇੱਕਜੁੱਟਤਾ ਨਾਲ ਸਿੱਖੀ ਦਾ ਪ੍ਰਚਾਰ ਪ੍ਰਸਾਰ ਕਰਨਾ ਚਾਹੀਦਾ ਹੈ ਅਤੇ ਪੰਜਾਬ ਅੰਦਰ ਧਰਮ ਪਰਿਵਰਤਨ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਇਸ ਦੀ ਵੱਡੀ ਲੋੜ ਹੈ। ਜਥੇਦਾਰ ਗੜਗੱਜ ਨੇ ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਢੱਡਰੀਆਂਵਾਲੇ ਸਮੇਤ ਹੋਰ ਸਿੱਖ ਸ਼ਖ਼ਸੀਅਤਾਂ ਜਿਨ੍ਹਾਂ ਦੇ ਮਾਮਲੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਚੱਲ ਰਹੇ ਹਨ ਉਨ੍ਹਾਂ ਨੂੰ ਆਪਣਾ ਪੱਖ ਰੱਖਣ ਲਈ ਵੀ ਸੱਦਾ ਦਿੱਤਾ ਤਾਂ ਜੋ ਇੱਕਜੁੱਟਤਾ ਨਾਲ ਪੰਜਾਬ ਅੰਦਰ ਧਰਮ ਪਰਿਵਰਤਨ ਨੂੰ ਠੱਲ੍ਹਣ ਦੇ ਨਾਲ-ਨਾਲ ਸਿੱਖੀ ਦੇ ਪ੍ਰਚਾਰ ਨੂੰ ਪ੍ਰਚੰਡ ਕੀਤਾ ਜਾ ਸਕੇ। ਉਨ੍ਹਾਂ ਸਪਸ਼ਟ ਕੀਤਾ ਕਿ ਜੇਕਰ ਭਾਈ ਰਣਜੀਤ ਸਿੰਘ ਢੱਡਰੀਆਂਵਾਲੇ ਤੇ ਹੋਰ ਸਿੱਖ ਸ਼ਖ਼ਸੀਅਤਾਂ ਖ਼ਾਲਸਾ ਪੰਥ ਦੀ ਮੁੱਖ ਧਾਰਾ ਵਿੱਚ ਆ ਕੇ ਪ੍ਰਚਾਰ ਪ੍ਰਸਾਰ ਦਾ ਕਾਰਜ ਕਰਨਾ ਚਾਹੁੰਦੇ ਹਨ ਤਾਂ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਤੇ ਸਿਧਾਂਤ ਮੁਤਾਬਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ ਲਿਹਾਜ਼ਾ ਉਹ ਸਮਰਪਣ ਭਾਵ ਨਾਲ ਗੁਰੂ ਦੇ ਦਰਬਾਰ ਵਿਖੇ ਆਉਣ। ਇਸ ਦੇ ਨਾਲ ਹੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਪੁਰਾਤਨ ਸਿੱਖ ਯੋਧਿਆਂ/ਸ਼ਹੀਦਾਂ ਅਤੇ ਸਿੱਖ ਇਤਿਹਾਸ ਦੇ ਵਿਭਿੰਨ ਪਹਿਲੂਆਂ ਉੱਪਰ ਬਣਦੀਆਂ ਫਿਲਮਾਂ/ਐਨੀਮੇਸ਼ਨ ਫਿਲਮਾਂ ਦੇ ਮਾਮਲਿਆਂ ਨੂੰ ਲੈ ਕੇ 2 ਮਈ 2025 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸਮੂਹ ਸਿੱਖ ਜਥੇਬੰਦੀਆਂ, ਬੁੱਧੀਜੀਵੀਆਂ ਅਤੇ ਵਿਦਵਾਨਾ ਦੀ ਇੱਕ ਵਿਸ਼ੇਸ਼ ਇਕੱਤਰਤਾ ਸੱਦੀ ਗਈ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਸਬੰਧੀ ਫਿਲਮਾਂ ਨੂੰ ਲੈ ਕੇ ਸਿੱਖ ਜਗਤ ਅਕਸਰ ਹੀ ਚਿੰਤਿਤ ਰਹਿੰਦਾ ਹੈ ਅਤੇ ਜਦੋਂ ਵੀ ਅਜਿਹੇ ਮਾਮਲੇ ਸਾਹਮਣੇ ਆਉਂਦੇ ਹਨ ਤਾਂ ਸਿੱਖ ਕੌਮ ਅੰਦਰ ਰੋਸ ਅਤੇ ਰੋਹ ਦੀ ਭਾਵਨਾ ਪ੍ਰਗਟ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਵਰਤਾਰੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਸੰਗਤ ਵੱਲੋਂ ਕੋਈ ਠੋਸ ਨਿਰਣਾ ਲੈਣ ਲਈ ਵਿਚਾਰ ਆਉਂਦੇ ਰਹਿੰਦੇ ਹਨ ਅਤੇ ਇਹ ਬੇਹੱਦ ਸੰਜੀਦਾ ਮਾਮਲਾ ਹੋਣ ਕਰਕੇ ਗੰਭੀਰ ਚਿੰਤਨ ਦੀ ਮੰਗ ਕਰਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਸਮੂਹ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ, ਸੰਸਥਾਵਾਂ, ਸਭਾ ਸੁਸਾਇਟੀਆਂ, ਕੌਮੀ ਮਾਮਲਿਆਂ ਪ੍ਰਤੀ ਸੰਜੀਦਾ ਸਿੱਖ ਬੁੱਧੀਜੀਵੀਆਂ ਅਤੇ ਵਿਦਵਾਨਾਂ ਦੀ ਅਤਿ ਮਹੱਤਵਪੂਰਨ ਰਾਏ ਪ੍ਰਾਪਤ ਕਰਨ ਲਈ ਇਹ ਵਿਸ਼ੇਸ਼ ਇਕੱਤਰਤਾ ਸੱਦੀ ਗਈ ਹੈ। ਉਨ੍ਹਾਂ ਕਿਹਾ ਕਿ ਇਕੱਤਰਤਾ ਸਬੰਧੀ ਸੱਦਾ ਪੱਤਰ ਸਮੂਹ ਜਥੇਬੰਦੀਆਂ ਤੇ ਵਿਦਵਾਦਾਂ ਨੂੰ ਭੇਜੇ ਜਾਣਗੇ ਅਤੇ ਅਪੀਲ ਕੀਤੀ ਕਿ ਇਸ ਮਾਮਲੇ ਉੱਤੇ ਆਪਣੇ ਸੁਝਾਅ ਲੈ ਕੇ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ।



- ਪੰਥ ਦੇ ਗੰਭੀਰ ਮੁਦਿਆਂ ਤੇ 2 ਮਈ ਨੂੰ ਕੀਤੀ ਜਾਏਗੀ ਬੁੱਧੀਜੀਵੀਆਂ ਦੀ ਵਿਸ਼ੇਸ਼ ਇਕੱਤਰਤਾ
- ਢੱਡਰੀਆਂਵਾਲੇ ਤੇ ਹੋਰ ਸਿੱਖ ਸ਼ਖ਼ਸੀਅਤਾਂ ਖ਼ਾਲਸਾ ਪੰਥ ਦੇ ਪ੍ਰਚਾਰ ਪ੍ਰਸਾਰ ਲਈ ਸਮਰਪਣ ਭਾਵ ਨਾਲ ਆ ਸਕਦੇ ਹਨ





# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK


- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਬੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ 98141-27470 84278-66404 73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੋਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਅੰਤਿਮ ਸੰਸਕਾਰ ਅਤੇ ਪਾਠ ਦਾ ਭੋਗ



## ਸਰਦਾਰਨੀ ਹਰਪ੍ਰੀਤ ਕੌਰ

(1951-2025)

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ **ਸਰਦਾਰਨੀ ਹਰਪ੍ਰੀਤ ਕੌਰ (ਪਤਨੀ ਸ. ਪਰਮਿੰਦਰ ਸਿੰਘ ਬੱਲ, ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.)**, ਜੋ ਕਿ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 29 ਅਪ੍ਰੈਲ (ਦਿਨ ਮੰਗਲਵਾਰ) ਨੂੰ ਸਵੇਰੇ10.30 ਵਜੇ Slough Crematorium, Stoke Road, Slough, SL2 5AX ਵਿਖੇ ਕੀਤਾ ਜਾਵੇਗਾ, ਜਿਸ ਉਪਰੰਤ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ 11.45 ਵਜੇ **ਸ੍ਰੀ ਸਹਿਜ ਪਾਠ ਪਾਠ ਜੀ ਦੇ ਭੋਗ Sri Guru Singh Sabha Gurdwara, Slough, Sheehy Way, Slough, SL2 5SS ਵਿਖੇ ਪਾਏ ਜਾਣਗੇ।**

--✶ ਭਾਣੇ ਵਿੱਚ ✶--

| | |
|---|---|
| ਸ. ਪਰਮਿੰਦਰ ਸਿੰਘ ਬੱਲ<br>ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ. | (ਪਤੀ) |
| ਹਰਮੀਤ ਸਿੰਘ ਬੱਲ | (ਪੁੱਤਰ) |
| ਜਗਜੀਤ ਕੌਰ ਜਗਦਿਓ, ਭਵਨਪ੍ਰੀਤ ਕੌਰ ਸੰਧੂ | (ਧੀਆਂ) |

ਸੰਪਰਕ : 07834327711

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**26 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ**

27 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।



ਗਿਆਨੀ ਜੋਧਾ ਸਿੰਘ ਵਿਦਿਆਰਥੀ ਦਮਦਮੀ ਟਕਸਾਲ ਵਾਲੇ

ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੰਚ ਰਹੇ ਕਥਾ ਵਾਚਕ ਗਿਆਨੀ ਜੋਧਾਂ ਸਿੰਘ ਦਮਦਮੀ ਟਕਸਾਲ ਮੁੰਡਾ ਪਿੰਡ ਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




# ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕਰਨ ਲਈ ਸਰਕਾਰੀ ਸਕੂਲਾਂ ਦੇ ਮੁੱਢਲੇ ਢਾਂਚੇ ਨੂੰ ਕਰੇਗੀ ਮਜ਼ਬੂਤ : ਈ ਟੀ ਓ

ਜੰਡਿਆਲਾ ਗੁਰੂ 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰ ਰਹੀ ਹੈ ਅਤੇ ਸਕੂਲਾਂ ਦੇ ਮੁੱਢਲੇ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ ਅਤੇ ਸਰਕਾਰੀ ਸਕੂਲਾਂ ਦੇ ਬੱਚੇ ਵੀ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਵਾਂਗ ਸਿੱਖਿਆ ਹਾਸਲ ਕਰਕੇ ਉਹ ਪ੍ਰਤੀਯੋਗੀ ਪ੍ਰੀਖਿਆਵਾਂ ਵਿਚ ਸਫਲਤਾ ਪ੍ਰਾਪਤ ਕਰ ਸਕਣ।

## 111.12 ਕਰੋੜ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜ ਲੋਕਾਂ ਨੂੰ ਕੀਤੇ ਸਮਰਪਿਤ

ਇਹ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕੀਤਾ੍ਹ ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਪੰਜਾਬ ਵਿਚ ਵੱਡਾ ਬਦਲਾਅ ਲੈ ਕੇ ਆ ਰਹੀ ਹੈ ਅਤੇ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋ ਹਟਾ ਕੇ ਸਰਕਾਰੀ ਸਕੂਲਾ ਵਿਚ ਦਾਖਲ ਕਰਵਾ ਰਹੇ ਹਨ। ਸ: ਈ.ਟੀ.ਓ ਨੇ ਕਿਹਾ ਕਿ ਲੋਕਾਂ ਦਾ ਇਹ ਰੁਝਾਨ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵਲੋ ਸਕੂਲਾਂ ਵਿਚ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਦਾ ਹੀ ਨਤੀਜਾ ਹੈ।

ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵਿੱਚ ਮੱਦਦਗਾਰ ਸਾਬਤ ਹੋਵੇਗੀ ਤੇ ਸਕੂਲਾਂ ਵਿੱਚ ਸਹੂਲਤਾਂ ਮਿਲਣ ਨਾਲ ਵਿਦਿਆਰਥੀਆਂ ਦਾ ਮਨੋਬਲ ਹੋਰ ਵੀ ਉੱਚਾ ਹੋਵੇਗਾ। ਇਸ ਦੌਰਾਨ ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਧੁਨਿਕਤਾ ਨਾਲ ਭਰਪੂਰ ਸਿੱਖਿਆ ਪ੍ਰਦਾਨ ਕਰਨ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਭੇਜ ਕੇ ਸਿਖਲਾਈ ਮੁਹੱਈਆ ਕਰਵਾਈ ਜਾ ਰਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਜਿੱਥੇ ਪੰਜਾਬ ਰਾਜ ਦੇ ਲੋਕਾਂ ਦਾ ਸਰਕਾਰੀ ਸਕੂਲਾਂ ’ਤੇ ਦਿਨ ਪ੍ਰਤੀ ਦਿਨ ਭਰੋਸਾ ਵੱਧ ਰਿਹਾ ਹੈ, ਉਥੇ ਹੀ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀ ਪੜ੍ਹਾਉਣ ਸ਼ੈਲੀ ’ਚ ਸੁਧਾਰ ਲਿਆਉਣ ਸੂਬਾ ਸਰਕਾਰ ਨਿਵੇਕਲੀਆਂ ਪਹਿਲਕਦਮੀਆਂ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਜੰਡਿਆਲਾ ਹਲਕਾ ਵਿੱਚ ਪੈਂਦੇ ਸਰਕਾਰੀ ਹਾਈ ਸਕੂਲ ਰਾਣਾਕਲਾਂ, ਸਰਕਾਰੀ ਐਲੀਮੈਂਟਰੀ ਸਕੂਲ ਰਾਣਾਕਲਾਂ, ਸਰਕਾਰੀ ਹਾਈ ਸਕੂਲ ਮੱਲੋਵਾਲ, ਸਰਕਾਰੀ ਐਲੀਮੈਟਰੀ ਸਕੂਲ ਮੱਲੋਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਬੋਵਾਲ, ਸਰਕਾਰੀ ਐਲੀਮੈਟਰੀ ਸਕੂਲ ਜੋਧਾਨਗਰੀ ਅਤੇ ਸਰਕਾਰੀ ਐਲੀਮੈਟਰੀ ਸਕੂਲ ਰਮਾਣਾਚੱਕ ਵਿਖੇ ਵੱਖ-ਵੱਖ ਸਕੂਲ ਵਿਚ 111.12 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ ਉਨ੍ਹਾਂ ਕਿਹਾ ਕਿ ਇੰਨ੍ਹਾਂ ਸਕੂਲਾ ਵਿਚ ਨਵੀ ਚਾਰਦੀਵਾਰੀ, ਨਵੇ ਕਮਰੇ, ਲੈਬੋਰਟਰੀ ਰੂਮ ਅਤੇ ਸਕੂਲਾਂ ਦੀ ਮੁਰੰਮਤ ਕਰਵਾਈ ਜਾਵੇਗੀ। ਇਸ ਮੌਕੇ ਵੱਖ ਵੱਖ ਸਕੂਲਾਂ ਵਲੋ ਯਾਦਗਾਰੀ ਚਿੰਨ੍ਹ ਦੇ ਕੇ ਕੈਬਿਨਟ ਮੰਤਰੀ ਸ: ਈ.ਟੀ.ਓ ਨੂੰ ਸਨਮਾਨਤ ਵੀ ਕੀਤਾ ਗਿਆ ਅਤੇ ਸਕੂਲੀ ਬੱਚਿਆਂ ਵਲੋ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਇਸ ਮੌਕੇ ਸਕੂਲੀ ਮੁੱਖੀ ਸ: ਸੰਦੀਪ ਸਿੰਘ, ਮੈਡਮ ਬਲਵਿੰਦਰ ਕੌਰ, ਮੈਡਮ ਸੰਦੀਪ ਕੌਰ, ਮੈਡਮ ਅਮਨਪ੍ਰੀਤ ਕੌਰ, ਮੈਡਮ ਜੋਤੀ, ਸ: ਕੁਲਦੀਪ ਸਿੰਘ, ਸ: ਲਵਦੀਪ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿਚ ਸਕੂਲੀ ਬੱਚੇ ਅਤੇ ਉਨ੍ਹਾਂ ਦੇ ਮਾਪੇ ਹਾ.ਜਰ ਸਨ।







### ਈ ਟੀ ਉ ਦੇ ਬੇਟੇ ਐਡਵੋਕੇਟ ਹਰਸਦੀਪ ਸਿੰਘ ਦਾ

# ਦੁਬਈ ਦੇ ਟੂਰ 'ਤੇ ਕੀਤਾ ਨਿੱਘਾ ਸੁਆਗਤ : ਹਰਜਿੰਦਰ ਸਿੰਘ ਜਲਾਲ ਉਸਮਾ





**ਚੌਕ ਮਹਿਤਾ, 21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਬੇਟੇ ਐਡਵੋਕੇਟ ਹਰਸ਼ਜੀਤ ਸਿੰਘ ਨੂੰ ਦੁਬੱਈ ਪਹੁੰਚਣ ਤੇ ਕੀਤਾ ਗਿਆ ਸੁਆਗਤ ਅਤੇ ਦੁਬੱਈ ਗੋਰਮਿੰਟ ਤੇ ਕਨੂੰਨ ਬਾਰੇ ਜਾਗਰੂਕ ਕੀਤਾ ਤੇ ਉਹਨਾ ਨੇ ਕਿਹਾ ਕੇ ਦੁਬੱਈ ਇਕ ਦੁਨੀਆ ਦਾ ,ਵਿਸ ਕਰਨ ਵਾਸਤੇ ਸਭ ਤੋ ਵਧੀਆ ਸਹਿਰ ਹੈ ਤੇ ਆਮ ਜਨਤਾ ਨੂੰ ਸੁੱਖ ਸੂਲਤਾ ਤੇ ਅੱਪਣੇ ਕਾਰੋਬਾਰ ਕਰਨ ਵਿਚ ਬਹੁਤ ਸਹਿਤਾ ਕਰਦੇ ਹਨ ਦੁਬੱਈ ਦੇ ਸ਼ੇਖ ਐਡਵੋਕੇਟ ਹਰਸ਼ਜੀਤ ਸਿੰਘ ਨੇ ਵੀ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਬਾਰੇ ਵਿਚਾਰ ਕੀਤੇ ਤੇ ਪੰਜਾਬ ਸਰਕਾਰ ਅਤੇ ਈਟੀਉ ਸ਼ਾਬ ਦਾ ਧੰਨਵਾਦ ਕੀਤਾ ਜਿੰਨਾ ਨੇ ਪੰਜਾਬ ਨੂੰ ਫਿਰ ਰੰਗਲਾ ਪੰਜਾਬ ਬਣਾਉਣ ਲਈ ਤੇ ਨਸ਼ਿਆ ਨੂੰ ਠੱਲ ਪਾਉਣ ਲਈ ਕਾਰਵਾਈ ਪੂਰੇ ਜੋਰਾ ਤੇ ਪੁਲਿਸ ਪ੍ਰਸ਼ਾਸਨ ਨੂੰ ਸਖਤ ਨਿਰਦੇਸ਼ ਦਿੱਤੇ ਗਏ ਇਹ ਮੀਟਿੰਗ ਐਡਵੋਕੇਟ ਹਰਸ਼ਜੀਤ ਨਾਲ ਦੁਬੱਈ ਇਕ ਬੈਠਕ ਵਿਚ ਕੀਤੀ ਗਈ ਉਹਨਾ ਕਿਹਾ ਕਿ ਪੰਜਾਬ ਵਿਚ ਵਿਕਾਸ ਵੀ ਬੜੇ ਜੋਰਾ ਨਾਲ ਚੱਲ ਰਿਹਾ ਹੈ ਪਿੰਡਾ ਤੇ ਸਹਿਰਾ ਨੂੰ ਇਕ ਹੀ ਸਹਿਤ ਨਾਲ ਬਣਾਇਆ ਜਾ ਰਿਹਾ ਹੈ ਅਤੇ ਬਿਜਲੀ ਦੀ ਸਪਲਾਈ ਘਰ ਘਰ ਮੁਫ਼ਤ ਦਿੱਤੀ ਗਈ ਹੈ ਇਹਨਾ ਗੱਲਾ ਦਾ ਪ੍ਰਗਟਾਵਾ ਐਡਵੋਕੇਟ ਹਰਸ਼ਜੀਤ ਸਿੰਘ ਨਾਲ ਗੱਲਬਾਤ ਕਰਦਿਆ ਹਰਜਿੰਦਰ ਸਿੰਘ ਰੰਧਾਵਾ ਜਿਲਾ ਐਕਸਾਈਜ ਐਡ ਟੈਕਸੇਸ਼ਨ ਸਲਾਹਕਾਰ ਕਮੇਟੀ ਮੈਬਰ, ਪੰਜਾਬ ਸਰਕਾਰ ਤੇ ਜਿਲ਼ਾ ਵਾਈਸ਼ ਪ੍ਰਧਾਨ ਵਪਾਰ ਮੰਡਲ ਵਿੰਗ ਅੰਮ੍ਰਿਤਸਰ ਨੇ ਕੀਤਾ ਅਤੇ ਉਹਨਾ ਦੇ ਨਾਲ ਦੁਬੱਈ ਟਰਾਂਸਪੋਰਟ ਦੇ ਕਾਰੋਬਾਰੀ ਵੀ ਹਾਜ਼ਰ ਸਨ ਅਕਾਸ਼ ਟਰਾਂਸਪੋਰਟ ਦੁਬੱਈ ਦੀਪ ਸਟਾਰ ਟਰਾਂਸਪੋਰਟ ਦੁਬੱਈ ਮੱਲੀ ਘੁੰਮਣ ਟਰਾਂਸਪੋਰਟ ਦੁਬੱਈ ਏ ਐਫ ਐਸ ਟਰਾਂਸਪੋਰਟ ਦੁਬੱਈ ਜੀ ਐਮ ਟਰਾਂਸਪੋਰਟ ਦੁਬੱਈ ਅਰਸ਼ਦੀਪ ਸਿੰਘ ਰੰਧਾਵਾ ਦੁਬੱਈ ਅੰਬੇਜੀਤ ਸਿੰਘ ਰੰਧਾਵਾ ਦੁਬੱਈ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦੋ ਮਹੀਨੇ ਚੱਲੇ ਕ੍ਰਿਕਟ ਟੂਰਨਾਮੈਂਟ 'ਚ ਗਹਿਰੀ ਦੀ ਟੀਮ ਫਾਈਨਲ ਮੈਚ 'ਚ ਰਹੀ ਜੇਤੂ

# ਨੌਜਵਾਨ ਨਸ਼ੇ ਛੱਡ ਖੇਡਾਂ ਵੱਲ ਦੇ ਧਿਆਨ : ਮੈਡਮ ਸੁਹਿੰਦਰ ਕੌਰ



**ਜੰਡਿਆਲਾ ਗੁਰੂ, 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਦੀ ਦੁਸ਼ਹਿਰਾ ਗਰਾਊਂਡ ਵਿਖੇ ਖੁੱਲੇ ਮੈਦਾਨ ਚ ਸ਼੍ਰੀ ਤਾਰਾ ਚੰਦ ਜੀ ਯਾਦ ਵਿੱਚ ਪਹਿਲਾ ਟੂਰਨਾਮੈਂਟ ਕਰਵਾਇਆ ਗਿਆ ਇਸ ਮੌਕੇ ਤੇ ਮੁੱਖ ਮਹਿਮਾਨ ਦੇ ਤੌਰ ਤੇ ਕੈਬਨਿਟ ਮੰਤਰੀ ਪੰਜਾਬ ਸ੍ਰ ਹਰਭਜਨ ਸਿੰਘ ਈਟੀਓ ਦੀ ਧਰਮ ਪਤਨੀ ਸ੍ਰੀਮਤੀ ਸਹਿੰਦਰ ਕੌਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਇਸ ਟੂਰਨਾਮੈਂਟ ਚ 16 ਦੇ ਕਰੀਬ ਸ਼ਹਿਰ ਤੇ ਪਿੰਡਾਂ ਦੇ ਟੀਮਾਂ ਨੇ ਭਾਗ ਲਿਆ ਅਤੇ ਇਹ ਟੂਰਨਾਮੈਂਟ ਦੋ ਮਹੀਨੇ ਕਰੀਬ ਚੱਲਿਆ ਇਸ ਟੂਰਨਾਮੈਂਟ ਦਾ ਫਾਈਨਲ ਮੈਚ ਆਰਸੀਸੀ ਜੰਡਿਆਲਾ ਗੁਰੂ ਤੇ ਪਿੰਡ ਗਹਿਰੀ ਦੀ ਟੀਮ ਵਿਚਕਾਰ ਕ੍ਰਿਕਟ ਦਾ ਰਮਾਚਕ ਮੈਚ ਹੋਇਆ ਜਿਸ ਵਿੱਚ ਜੰਡਿਆਲਾ ਗੁਰੂ ਦੀ ਟੀਮ ਨੇ ਵੀਹ ਓਵਰਾਂ ਵਿੱਚ 253 ਦੋੜਾ ਬਣਾਈਆਂ ਸਨ ਉੱਥੇ ਗਹਿਰੀ ਮੰਡੀ ਦੀ ਟੀਮ ਨੇ 18 ਓਵਰ ਤੇ ਪੰਜ ਬੋਲਾਂ 254 ਰਨ ਹਾਸਲ ਕਰਕੇ ਜਿੱਤ ਪ੍ਰਾਪਤ ਕੀਤੀ ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਸ੍ਰ ਹਰਭਜਨ ਸਿੰਘ ਈਟੀਓ ਦੀ ਧਰਮ ਪਤਨੀ ਸੁਹਿੰਦਰ ਕੌਰ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਅੱਜ ਦੇ ਹੋਏ ਟੂਰਨਾਮੈਂਟ ਚ ਦੋਵਾਂ ਟੀਮਾਂ ਨੇ ਜਬਰਦਸਤ ਖੇਡ ਪ੍ਰਦਰਸ਼ਨ ਕੀਤਾ ਤੇ ਨਾਲ ਹੀ ਉਹਨਾਂ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਨੌਜਵਾਨ ਨਸ਼ਿਆਂ ਦੇ ਆਦੀ ਹੋ ਚੁੱਕੇ ਉਹ ਆਪਣਾ ਧਿਆਨ ਵੱਧ ਤੋਂ ਵੱਧ ਖੇਡਾਂ ਵੱਲ ਲਗਾਉਣ ਜਿਸ ਨਾਲ ਉਹਨਾਂ ਦੇ ਨਸ਼ੇ ਵਰਗੀ ਨਾ ਮੁਰਾਦ ਬਿਮਾਰੀ ਛੁਟਕਾਰਾ ਮਿਲ ਸਕਦਾ ਹੈ ਉਹਨਾਂ ਨੇ ਕਿਹਾ ਕਿ ਟੂਰਨਾਮੈਂਟ ਕਰਵਾਉਣਾ ਸ਼ਲਾਘਾਯੋਗ ਕਦਮ ਪੱਟਿਆ ਜਿਸ ਨਾਲ ਨੌਜਵਾਨ ਸਹੀ ਸੇਧ ਮਿਲਦੀ ਹੈ। ਮੈਚ ਕਰਵਾਉਣ ਦੀ ਖੁਸ਼ੀ ਵਿੱਚ ਸਮੀਰ ਸੰਦਲ ਤੇ ਉਹਨਾਂ ਦੇ ਪਰਿਵਾਰ ਦੇ ਮੈਂਬਰਾਂ ਨੂੰ ਵਧਾਈ ਦਿੱਤੀ ਇਸ ਮੌਕੇ ਜੇਤੂ ਜਿੱਤੀ ਟੀਮ ਨੂੰ 21000 ਨਗਦ ਇਨਾਮ ਨਾਲ ਕੱਪ ਤੇ ਹਾਰੀ ਟੀਮ ਨੂੰ 11000 ਤੇ ਕੱਪ ਨਾਲ ਸਨਮਾਨਿਤ ਕੀਤਾ ਗਿਆ ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ ਦੀ ਧਰਮ ਪਤਨੀ ਸੁਹਿੰਦਰ ਕੌਰ,ਸਤਿੰਦਰ ਸਿੰਘ ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਚੇਅਰਮੈਨ ਸੁਵਿੰਦਰ ਸਿੰਘ ਚੰਦੀ,ਨਰੇਸ਼ ਪਾਠਕ ਐਸ ਬੋਰਡ ਮੈਂਬਰ, ਹਰਜਿੰਦਰ ਸਿੰਘ ਕਲੇਰ, ਸਮੀਰ ਸੰਦਲ, ਗੁਰਪ੍ਰੀਤ ਸਿੰਘ ਚੰਦੀ, ਕਰਨ ਸੰਦਲ, ਬਾਬਾ ਦਾਸ, ਰੋਹਿਤ ਸੰਦਲ ,ਦੇਸ ਰਾਜ ਗੁਰੀ ਸ਼ਾਹ,ਸੈਂਡੀ ਟੈਲੀਕੋਮ, ਰਾਜ ਸ਼ਰਮਾ ,ਮਨਿੰਦਰ ਸਿੰਘ,ਅਸ਼ਵਨੀ ਸ਼ਰਮਾ,ਸੁਖਚੈਨ ਸਿੰਘ,ਲਾਡੀ ਹਰਦੀਪ ਵਿਰਦੀ,, ਰਵੀ ਭਲਵਾਨ, ਸੋਨੂ ਬਰਾੜ,ਸਨੀ ਬਰਾੜ,ਰਵਿੰਦਰ ਸਿੰਘ ਰੋਕੀ, ਨਰਿੰਦਰ ਸਿੰਘ ਆਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਅਨੁਸੂਚਿਤ ਜਾਤੀ ਪੰਜਾਬ ਦੇ ਚੇਅਰਮੈਨ ਜਸਬੀਰ ਸਿੰਘ ਗੜ੍ਹੀ ਨੇ ਕੀਤਾ ਸਨਮਾਨਿਤ

### ਜੋਗੀਨਾਥਾਂ ਦੀਆਂ ਧੀਆਂ ਵੱਲੋਂ ''ਮੇਰੀ ਆਟੇ ਦੀ ਚਿੜੀ'' ਗੀਤ ਗਾਕੇ ਲੋਕਾਂ ਨੂੰ ਕੀਤਾ ਪ੍ਰਭਾਵਿਤ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਥਾਨਕ ਪੈਲਸ ਵਿਖੇ ਡਾ: ਬੀ.ਆਰ ਅੰਬੇਡਕਰ ਵੈਲਫੇਅਰ ਮੰਚ ਵੱਲੋਂ ਕਰਮਜੀਤ ਸਿੰਘ ਹਰੀਗੜ੍ਹ ਦੀ ਅਗਵਾਈ ਵਿੱਚ ਡਾ: ਅੰਬੇਦਕਰ ਸਾਹਿਬ ਦਾ ਜਨਮ ਦਿਨ ਮਨਾਇਆ ਗਿਆ, ਇਸ ਮੌਕੇ ਬੋਲਦਿਆਂ ਉੱਘੇ ਬੁਲਾਰੇ ਬਲਵੰਤ ਭੀਖੀ , ਗੁਰਜੰਟ ਸਿੰਘ ਕੌਰੀਆਂ ,ਡਾ: ਪਰਮਿੰਦਰ ਸਿੰਘ , ਦਰਸ਼ਨ ਸਿੰਘ ਬਾਜਵਾ , ਬਾਬਾ ਰਾਜਵਿੰਦਰ ਸਿੰਘ ਟਿੱਬਾ, ਡਾ: ਸੁਖਚੈਨ ਸਿੰਘ , ਰਾਜਪਾਲ ਸਿੰਘ , ਜਗਸੀਰ ਸਿੰਘ ਧਲੇਸਾਂ ,ਬੂਟਾ ਸਿੰਘ ਕੋਹਰੀਆਂ ਆਦਿ ਸ਼ਖਸੀਅਤਾਂ ਨੇ ਕਿਹਾ ਕਿ ਸਾਨੂੰ ਡਾ: ਬਾਬਾ ਸਾਹਿਬ ਅੰਬੇਡਕਰ ਜੀ ਦੇ ਪੜੋ , ਜੁੜੋ ਅਤੇ ਸੰਘਰਸ਼ ਕਰੋ ਦੇ ਦਿੱਤੇ ਆਦੇਸ਼ਾਂ ਤੇ ਚਲਦੇ ਹੋਏ ਅਮਲਾਂ ਵਿੱਚ ਕੁਝ ਕਰਨਾ ਚਾਹੀਦਾ ਹੈ, ਮੁੱਖ ਮਹਿਮਾਨ ਅਤੇ ਪ੍ਰਬੰਧਕੀ ਟੀਮ ਵੱਲੋਂ ਬੱਚਿਆਂ ਅਤੇ ਵੱਖ ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੇ ਸੱਜਣਾਂ ਦਾ ਸਨਮਾਨ ਕੀਤਾ ਗਿਆ, ਅਨੁਸੂਚਿਤ ਜਾਤੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਸਮਾਗਮ ਦੇ ਮੁੱਖ ਮਹਿਮਾਨ ਜਸਬੀਰ ਸਿੰਘ ਗੜ੍ਹੀ ਨੇ ਬਾਬਾ ਡਾ: ਅੰਬੇਡਕਰ ਸਾਹਿਬ ਨੂੰ ਸ਼ਰਧਾਂਜਲੀ ਭੇਂਟ ਕਰਨ ਉਪਰੰਤ ਬੋਲਦਿਆਂ ਸ: ਕਰਮਜੀਤ ਸਿੰਘ ਹਰੀਗੜ ਅਤੇ ਮੰਚ ਦੀ ਪੂਰੀ ਟੀਮ ਨੂੰ ਹਾੜੀ ਦਾ ਸੀਜ਼ਨ ਪੂਰੇ ਜੋਬਨ ਤੇ ਹੋਣ ਦੇ ਬਾਵਜੂਦ ਵੀ ਦਲਿਤ ਬੁੱਧੀਜੀਵੀਆਂ ਦਾ ਵੱਡਾ ਇਕੱਠ ਕਰਨ ਤੇ ਵਧਾਈ ਦਿੱਤੀ, ਜਸਬੀਰ ਸਿੰਘ ਗੜ੍ਹੀ ਨੇ ਐਲਾਨ ਕੀਤਾ ਕਿ ਅਸੀਂ ਸਾਡੇ ਰਹਿਬਰ ਡਾ: ਅੰਬੇਡਕਰ ਸਾਹਿਬ ਦੇ ਸਿਧਾਂਤਾਂ ਤੇ ਪਹਿਰਾ ਦਿੰਦਿਆਂ ਦੱਬੇ ਕੁਚਲੇ ਅਤੇ ਮਜ਼ਲੂਮ ਲੋਕਾਂ ਨੂੰ ਇਨਸਾਫ ਦਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ, ਇਸ ਮੌਕੇ ਬੀਤੇ ਕਈ ਵਰਿਆਂ ਤੋਂ ਝੁੱਗੀਆਂ ਵਿੱਚ ਰਹਿਣ ਵਾਲੇ ਜੋਗੀਨਾਥਾਂ ਦੇ ਗਰੀਬ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਅਤੇ ਲੋੜਵੰਦਾਂ ਦੀ ਮਦਦ ਕਰਨ ਵਾਲੇ ਸਮਾਜ ਸੇਵੀ ਭਾਨ ਸਿੰਘ ਜੱਸੀ, ਜੋਗੀਨਾਥਾਂ ਅਤੇ ਝੁੱਗੀਆਂ ਵਿੱਚ ਰਹਿਣ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਇਸ ਸਮਾਗਮ ਵਿੱਚ ਐਸ.ਸੀ ਕਮਿਸ਼ਨ ਦੇ ਮੈਂਬਰ ਗੁਲਜਾਰ ਬੌਬੀ , ਡੀ.ਐਸ.ਪੀ ਸੁਖਦੇਵ ਸਿੰਘ , ਅਧਿਕਾਰੀ ਸੁੱਖਸਾਗਰ ਸਿੰਘ , ਮੰਚ ਦੇ ਪ੍ਰਧਾਨ ਕਰਮਜੀਤ ਸਿੰਘ ਹਰੀਗੜ ਆਦਿ ਸ਼ਖਸੀਅਤਾਂ ਅਤੇ ਵੱਡੀ ਗਿਣਤੀ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐਡਵੋਕੇਟ ਹਰਮਨਪ੍ਰੀਤ ਸਿੰਘ ਨੂੰ ਅਨੁਸ਼ਾਸਨ ਅਤੇ ਵਿਜੀਲੈਂਸ ਕਮੇਟੀ ਦਾ ਸਹਿ-ਮੈਂਬਰ ਨਿਯੁਕਤ ਕੀਤਾ ਗਿਆ



ਜੰਡਿਆਲਾ ਗੁਰੂ 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਦੇ ਜੰਮਪਲ ਅਤੇ ਐਡਵੋਕੇਟ ਬਿਕਰਮ ਸਿੰਘ ਮਲਹੋਤਰਾ ਦੇ ਹੋਣਹਾਰ ਪੁੱਤਰ ਅਤੇ ਐਡਵੋਕੇਟ ਅਮਰੀਕ ਸਿੰਘ ਮਲਹੋਤਰਾ ਦੇ ਭਤੀਜੇ ਐਡਵੋਕੇਟ ਹਰਮਨਪ੍ਰੀਤ ਸਿੰਘ ਨੂੰ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦੀ ਅਨੁਸ਼ਾਸਨ ਅਤੇ ਵਿਜੀਲੈਂਸ ਕਮੇਟੀ ਦਾ ਸਹਿ-ਮੈਂਬਰ ਨਿਯੁਕਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਡਵੋਕੇਟ ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਆਕਾਲ ਪੁਰਖ ਜੀ ਦੀ ਕਿਰਪਾ ਅਤੇ ਮੇਹਰ ਸਦਕਾ ਓਹਨਾਂ ਨੂੰ ਜੋ ਜ਼ੁੰਮੇਵਾਰੀ ਸੌਂਪੀ ਗਈ ਹੈ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ।ਇਥੇ ਇਹ ਦਸਣਯੋਗ ਹੈ ਐਡਵੋਕੇਟ ਹਰਮਨਪ੍ਰੀਤ ਸਿੰਘ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਾਇਰ ਦਿਲਰਾਜ ਸਿੰਘ 'ਦਰਦੀ' ਦੇ ਗੀਤ 'ਮੇਲਾ' ਦੀ ਸ਼ੂਟਿੰਗ ਹੋਈ ਪੂਰੀ, ਜਲਦ ਹੋਵੇਗਾ ਲੋਕ ਅਰਪਿਤ



ਜੰਡਿਆਲਾ ਗੁਰੂ : 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)- ਨੌਜਵਾਨ ਸ਼ਾਇਰ ਦਿਲਰਾਜ ਸਿੰਘ 'ਦਰਦੀ' ਦਾ ਗੀਤ 'ਮੇਲਾ' ਜਿਸ ਦਾ ਨਿਰਮਾਣ ਕਾਰਜ ਪੂਰਾ ਹੋ ਚੁੱਕਾ ਹੈ ਜਲਦੀ ਹੀ ਲੋਕ ਅਰਪਿਤ ਹੋਵੇਗਾ। ਇਹ ਜਾਣਕਾਰੀ ਸ਼ਾਇਰਾ ਅਮਨ ਕਸੇਲ ਨੇ ਸਾਂਝੀ ਕੀਤੀ। ਇਸ ਗੀਤ ਨੂੰ ਸ਼ਾਇਰ ਦਿਲਰਾਜ ਸਿੰਘ 'ਦਰਦੀ' ਨੇ ਹੀ ਲਿਖਿਆ ਤੇ ਗਾਇਆ ਹੈ ਤੇ ਇਸ ਗੀਤ ਦਾ ਮਿਊਜ਼ਿਕ ਸਾਂਝਾ ਸਟੂਡੀਓ ਵੱਲੋਂ ਤਿਆਰ ਕੀਤਾ ਗਿਆ ਹੈ, ਗੀਤ ਦੀ ਵੀਡੀਓ ਦੀ ਕੋਰਿਓਗ੍ਰਾਫੀ ਪਰਮਜੀਤ ਸਿੰਘ ਸੰਧੂ ਵੱਲੋਂ ਕੀਤੀ ਗਈ ਹੈ ਤੇ ਸ਼ੂਟਿੰਗ ਜੰਡਿਆਲਾ ਗੁਰੂ, ਬਾਬਾ ਬਕਾਲਾ ਸਾਹਿਬ ਸਮੇਤ ਨੇੜਲੇ ਇਲਾਕਿਆਂ 'ਚ ਕੀਤੀ ਗਈ।ਗੀਤ ਦੇ ਡਾਇਰੈਕਟਰ ਸਾਬਕਾ ਭਾਸ਼ਾ ਅਫ਼ਸਰ ਹਰਮੇਸ਼ ਕੌਰ 'ਜੋਧੋ' ਜੀ ਹਨ ਜਿਨ੍ਹਾਂ ਨੇ ਵੀਡੀਓ ਵਿੱਚ ਮਾਸਟਰ ਨਿਰਮਲ ਟਪਿਆਲਾ ਜੀ ਨਾਲ ਬਾਖੂਬੀ ਰੋਲ ਨਿਭਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

## ਬੀਬੀ ਜਗੀਰ ਕੌਰ ਵੱਲੋਂ ਢੱਡਰੀਆਂਵਾਲਾ ਦੇ

# ਸਮਾਗਮ ਵਿੱਚ ਸ਼ਿਰਕਤ ਕਰਨ ਦਾ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜਾ

**ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਰਣਜੀਤ ਸਿੰਘ ਢੱਡਰੀਆਂਵਾਲਾ ਦੇ ਸਮਾਗਮ ਵਿਚ ਸ਼ਿਰਕਤ ਕਰਦਿਆਂ ਹੁਕਮਨਾਮੇ ਦੀ ਕੀਤੀ ਗਈ ਉਲੰਘਣਾ ਦਾ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜ ਗਿਆ ਹੈ। ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਕਿਹਾ ਕਿ ਬੀਬੀ ਜਗੀਰ ਕੌਰ ਨੂੰ ਰਣਜੀਤ ਸਿੰਘ ਢੱਡਰੀਆਂਵਾਲਾ ਦੇ ਸਮਾਗਮ ਵਿਚ ਸ਼ਿਰਕਤ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਢੱਡਰੀਆਂਵਾਲਾ ਦੇ ਬਾਈਕਾਟ ਸੰਬੰਧੀ ਜਾਰੀ ਹੁਕਮਨਾਮੇ ਦੀ ਉਲੰਘਣਾ ਕਰਨ ਲਈ ਤਲਬ ਕੀਤਾ ਜਾਣਾ ਚਾਹੀਦਾ ਹੈ ਅਤੇ ਪੰਥ ਰਵਾਇਤਾਂ ਅਨੁਸਾਰ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

**ਹੁਕਮਨਾਮੇ ਦੀ ਉਲੰਘਣਾ ਲਈ ਬੀਬੀ ਜਗੀਰ ਕੌਰ ਨੂੰ ਤਲਬ ਕੀਤਾ ਜਾਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ**



ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਇਕ ਪੱਤਰ ਲਿਖਦਿਆਂ ਕਿਹਾ ਕਿ ਬੀਬੀ ਜਗੀਰ ਕੌਰ ਨੇ 19 ਅਪ੍ਰੈਲ 2025 ਨੂੰ ਕਪੂਰਥਲਾ ਜ਼ਿਲ੍ਹੇ ਦੇ ਨਡਾਲਾ ਵਿਖੇ ਢੱਡਰੀਆਂਵਾਲਾ ਦੇ ਡੇਰੇ ਦੀ ਨਵੀਂ ਸ਼ਾਖਾ ਦੇ ਉਦਘਾਟਨ ਮੌਕੇ ਢੱਡਰੀਆਂਵਾਲਾ ਨਾਲ ਸਟੇਜ ਸਾਂਝੀ ਕੀਤੀ। ਇਹ ਹੋਰ ਵੀ ਸ਼ਰਮਿੰਦਗੀ ਵਾਲੀ ਗੱਲ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੁਕਮਨਾਮੇ ਦੀ ਉਲੰਘਣਾ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਮੈਂਬਰ ਨੇ ਕੀਤੀ, ਜਿਨ੍ਹਾਂ ਤੋਂ ਗੁਰੂ ਗ੍ਰੰਥ ਤੇ ਗੁਰੂ ਪੰਥ ਨੂੰ ਸਮਰਪਿਤ ਹੋਣ ਅਤੇ ਪਰੰਪਰਾਵਾਂ ਦੀ ਰੱਖਿਆ ਲਈ ਵਚਨਬੱਧ ਹੋਣ ਦੀ ਆਸ ਕੀਤੀ ਜਾਂਦੀ ਹੈ। ਇਕ ਜ਼ਿੰਮੇਵਾਰ ਵਿਅਕਤੀ ਵਜੋਂ ਪੰਥਕ ਸਿਧਾਂਤ ਅਤੇ ਪਰੰਪਰਾਵਾਂ ਨਾਲ ਖਿਲਵਾੜ ਕਰਕੇ ਗੁਨਾਹ ਹੀ ਨਹੀਂ ਕੀਤਾ ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਚੁਨੌਤੀ ਦਿੱਤੀ ਹੈ। ਸਵਾਲ ਪੈਦਾ ਹੁੰਦਾ ਹੈ ਕਿ, ਕੀ ਢੱਡਰੀਆਂਵਾਲਾ ਸਬੰਧੀ ਜਾਰੀ ਹੁਕਮਨਾਮਾ ਬੀਬੀ ਜਗੀਰ ਕੌਰ 'ਤੇ ਲਾਗੂ ਨਹੀਂ ਹੁੰਦਾ ? ਜਾਂ ਉਹ ਆਪਣੇ ਆਪ ਨੂੰ ਸੰਗਤ ਤੋਂ ਉੱਪਰ ਸਮਝਦੀ ਹੈ ? ਕੀ ਦੂਜਿਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਸਮਰਪਣ ਹੋਣ ਲਈ ਮੱਤਾਂ ਦੇਣ ਵਾਲੀ ਬੀਬੀ ਜੀ ਦੀ ਇਹ ਹੀ ਸਚਾਈ ਹੈ ?

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਨੇ ਮਿਤੀ 24 ਅਗਸਤ, 2020 ਨੂੰ ਇਕੱਤਰਤਾ ਦੌਰਾਨ ਰਣਜੀਤ ਸਿੰਘ ਢੱਡਰੀਆਂਵਾਲਾ ਵੱਲੋਂ ਪੰਥਕ ਪਰੰਪਰਾਵਾਂ ਅਤੇ ਗੁਰਮਤਿ ਪ੍ਰਤੀ ਬੋਲੇ ਕਥਨਾਂ ਦੇ ਸੰਬੰਧ ਵਿਚ ਪੜਤਾਲ ਲਈ ਬਣਾਈ ਗਈ ਵਿਦਵਾਨਾਂ ਦੀ ਇੱਕ ਸਬ-ਕਮੇਟੀ ਦੀ ਰਿਪੋਰਟ 'ਤੇ ਗੁਰਮਤਿ ਦੀ ਰੋਸ਼ਨੀ ਵਿਚ ਵਿਚਾਰ ਕਰਨ ਉਪਰੰਤ ਇਕ ਆਦੇਸ਼ ਜਾਰੀ ਕਰਦਿਆਂ ਕਿਹਾ ਸੀ ਕਿ ਰਣਜੀਤ ਸਿੰਘ ਢੱਡਰੀਆਂਵਾਲਾ ਨੇ ਗੁਰਮਤਿ ਪ੍ਰਤੀ ਕੁਝ ਗ਼ਲਤ ਬਿਆਨੀਆਂ ਕੀਤੀਆਂ ਹਨ ਅਤੇ ਇਹ ਇਨ੍ਹਾਂ ਕਥਨਾਂ ਸਬੰਧੀ ਸਪਸ਼ਟੀਕਰਨ ਦੇਣ ਤੋਂ ਵੀ ਇਨਕਾਰੀ ਹੋਇਆ ਹੈ। ਇਸ ਲਈ ਆਦੇਸ਼ ਦਿੱਤਾ ਕਿ ਜਦੋਂ ਤਕ ਉਹ ਆਪਣੀਆਂ ਗ਼ਲਤ ਬਿਆਨੀਆਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਮੁਆਫ਼ੀ ਨਹੀਂ ਮੰਗਦਾ, ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ, ਸੰਸਥਾਵਾਂ ਤੇ ਗੁਰਦੁਆਰਾ ਪ੍ਰਬੰਧਕਾਂ ਨੂੰ ਢੱਡਰੀਆਂ ਵਾਲਾ ਦੇ ਸਮਾਗਮਾਂ ਦਾ ਬਾਈਕਾਟ ਕਰਨ । ਉਸ ਵਕਤ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਉਸ ਨੂੰ ਸਖ਼ਤ ਵੀ ਚਿਤਾਵਨੀ ਵੀ ਦਿੱਤੀ ਸੀ। ਉਨਾਂ 'ਜਥੇਦਾਰ' ਨੂੰ ਕਿਹਾ ਕਿ ਤੁਹਾਨੂੰ ਗਿਆਤ ਹੈ ਕਿ ਢੱਡਰੀਆਂਵਾਲਾ ਅੱਜ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਨਾ ਹੋਣ ਕਰਕੇ ਇਕ ਭਗੌੜਾ ਹੈ। ਜੋ ਅਕਾਲ ਤਖ਼ਤ ਸਾਹਿਬ ਤੇ ਸਿੱਖੀ ਸਿਧਾਂਤਾਂ ਪ੍ਰਤੀ ਉਸ ਦੇ ਵਿਸ਼ਵਾਸ 'ਤੇ ਸਵਾਲੀਆ ਨਿਸ਼ਾਨ ਲਗਾਉਂਦਾ ਹੈ। ਉਸ ਦੀ ਹਉਮੈ ਹੰਕਾਰ ਉਸ ਨੂੰ ਅਕਾਲ ਤਖ਼ਤ ਪ੍ਰਤੀ ਆਪਣੇ ਆਪ ਨੂੰ ਸਮਰਪਿਤ ਨਹੀਂ ਹੋਣ ਦੇ ਰਿਹਾ। ਉੱਪਰੋਂ, ਬੀਬੀ ਜਗੀਰ ਕੌਰ ਵਰਗੀਆਂ ਸ਼ਖ਼ਸੀਅਤਾਂ ਉਸ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਹਨ ਅਤੇ ਉਸ ਦੀ ਹਉਮੈ ਹੰਕਾਰ ਨੂੰ ਪੱਠੇ ਪਾ ਕੇ ਹੋਰ ਮਜ਼ਬੂਤਕਰਨ 'ਚ ਲੱਗੀਆਂ ਹੋਈਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਾਲਾਨਾ ਸਰੀ ਨਗਰ ਕੀਰਤਨ ਵਿੱਚ

# ਸਾਢੇ ਪੰਜ ਲੱਖ ਤੋਂ ਵੱਧ ਸੰਗਤਾਂ ਨੇ ਕੀਤੀ ਰਿਕਾਰਡ ਤੋੜ ਸ਼ਮੂਲੀਅਤ









**ਨਵੀਂ ਦਿੱਲੀ 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸਰੀ ਨਗਰ ਕੀਰਤਨ ਦਾ ਸਿੱਖ ਕੈਲੰਡਰ ਵਿੱਚ ਇੱਕ ਮਹੱਤਵਪੂਰਨ ਸਥਾਨ ਹੈ ਜੋ ਕਿ ਵਿਸਾਖੀ ਦੇ ਸਭ ਤੋਂ ਵੱਡੇ ਅਯੋਜਨਾਂ ਵਿੱਚੋਂ ਇੱਕ ਹੈ, ਜਿੱਥੇ ਲੱਖਾਂ ਹੀ ਸ਼ਰਧਾਲੂ ਇਕੱਠੇ ਹੋ ਕੇ ਆਪਣੇ ਧਰਮ ਅਤੇ ਸਭਿਆਚਾਰ ਨੂੰ ਮਾਣਦੇ ਹਨ। ਇਹ ਨਗਰ ਕੀਰਤਨ ਰਾਜਨੀਤਿਕ ਪੱਖ ਤੋਂ ਵੀ ਬੜਾ ਮਹੱਤਵਪੂਰਨ ਰਹਿੰਦਾ ਹੈ ਕਿਉਂਕਿ ਕੈਨੇਡਾ ਦੀਆਂ ਸਾਰੀਆਂ ਹੀ ਵੱਡੀਆਂ ਰਾਜਨੀਤਿਕ ਹਸਤੀਆਂ ਇਸ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਦੀਆਂ ਹਨ ਅਤੇ ਲੋਕਾਂ ਦੇ ਅੰਗ ਸੰਗ ਹੋਣ ਦਾ ਪ੍ਰਭਾਵ ਦੇਣ ਦੀ ਕੋਸ਼ਿਸ਼ ਕਰਦੀਆਂ ਹਨ। ਨਗਰ ਕੀਰਤਨ ਦੌਰਾਨ ਭਾਈ ਹਰਦੀਪ ਸਿੰਘ ਨਿੱਝਰ ਟੀਮ (ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਪ੍ਰਬੰਧਕ) ਵੱਲੋਂ ਖਾਲਿਸਤਾਨ ਦੀ ਸਟੇਜ ਲਗਾਈ ਗਈ ਸੀ ਜਿੱਥੇ ਸਾਰੀਆਂ ਜਥੇਬੰਦੀਆਂ ਦੇ ਬੁਲਾਰੇ ਨੇ ਆਣ ਕੇ ਸੰਗਤਾਂ ਨਾਲ ਆਪਣੇ ਵਿਚਾਰ ਰੱਖੇ ਸਨ । ਨਗਰ ਕੀਰਤਨ ਵਿੱਚ ਐੱਸ.ਐਫ.ਜੇ. ਦੀ ਸਾਰੀ ਟੀਮ ਪੁਹੰਚੀ ਹੋਈ ਸੀ ਜਿਸ ਵਿੱਚ ਅਵਤਾਰ ਸਿੰਘ ਪੰਨੂ, ਡਾ ਬਖਸ਼ੀਸ਼ ਸਿੰਘ ਸੰਧੂ ਅਤੇ ਹੋਰ ਕਈ ਸਰਗਰਮ ਖਾਲਿਸਤਾਨੀ ਆਗੂ ਪਹੁੰਚੇ ਹੋਏ ਸਨ। ਨਗਰ ਕੀਰਤਨ ਦੌਰਾਨ ਸੰਗਤਾਂ ਵਲੋਂ ਖਾਲਿਸਤਾਨ ਦੇ ਝੰਡੇ ਹਜ਼ਾਰਾਂ ਦੀ ਗਿਣਤੀ ਵਿਚ ਹੱਥਾਂ ਵਿਚ ਫੜੇ ਹੋਏ ਸਨ ਤੇ ਉਨ੍ਹਾਂ ਨੂੰ ਓਹ ਅੰਬਰਾਂ ਤੱਕ ਲਹਿਰਾ ਰਹੇ ਸਨ । ਨਗਰ ਕੀਰਤਨ ਦੌਰਾਨ ਗੁਰੂ ਨਾਨਕ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਅਤੇ ਐੱਸਐੱਫਜੇ ਦੀ ਟੀਮ ਵੱਲੋਂ ਫਲੋਟ ਤਿਆਰ ਕੀਤਾ ਗਿਆ ਜਿਸ ਵਿਚ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮੁਲਜ਼ਮ ਬਣਾਕੇ ਪੇਸ਼ ਕੀਤਾ ਗਿਆ ਅਤੇ ਗਲ ਵਿਚ ਕੈਦੀਆਂ ਵਾਲੀ ਤਖ਼ਤੀ ਪਾਈ ਗਈ । ਇਸ ਵਾਰ ਸਰੀ ਨਗਰ ਕੀਰਤਨ ਵਿਚ ਇੱਕ ਵਿਲੱਖਣ ਘਟਨਾਕ੍ਰਮ ਹੋਇਆ ਜਦੋਂ ਕੈਨੇਡਾ ਦੇ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਸਿੱਖ ਸੰਸਥਾਵਾਂ ਵੱਲੋਂ ਵਿਸ਼ੇਸ਼ ਪੁਰਸਕਾਰ ਨਾਲ ਸਨਮਾਨ ਦਿੱਤਾ ਗਿਆ, ਜੋ ਜਸਟਿਨ ਟਰੂਡੋ ਦੀ ਗੈਰ ਮੌਜੂਦਗੀ ਵਿੱਚ ਲਿਬਰਲ ਐਮਪੀ ਸੁੱਖ ਧਾਲੀਵਾਲ ਨੇ ਪ੍ਰਾਪਤ ਕੀਤਾ। ਇਸ ਸਨਮਾਨ ਸਬੰਧੀ ਸਿੱਖ ਜਥੇਬੰਦੀਆਂ ਦਾ ਇਹ ਤਰਕ ਸੀ ਕਿ ਜਸਟਿਨ ਟਰੂਡੋ ਦਾ ਨਾਮ ਸਿੱਖ ਜਗਤ ਵਿੱਚ ਹਮੇਸ਼ਾ ਨਵਾਬ ਸ਼ੇਰ ਮੁਹੰਮਦ ਖਾਨ ਦੀ ਤਰ੍ਹਾਂ ਸਤਿਕਾਰ ਨਾਲ ਲਿਆ ਜਾਵੇਗਾ ਜਿਨ੍ਹਾਂ ਛੋਟੇ ਸਾਹਿਬਜ਼ਾਦਿਆਂ ਤੋਂ ਗੁਰੂ ਗੋਬਿੰਦ ਸਿੰਘ ਹੱਥੋਂ ਜੰਗ ਚ ਮਾਰੇ ਆਪਣੇ ਭਰਾਵਾਂ ਦਾ ਬਦਲਾ ਲੈਣ ਲਈ ਸੂਬਾ ਸਰਹੰਦ ਦੀ ਪੇਸ਼ਕਸ਼ ਨੂੰ ਠੁਕਰਾਉਂਦਿਆਂ ਇਹ ਕਹਿਕੇ ਹਾਅ ਦਾ ਨਾਅਰਾ ਮਾਰਿਆ ਸੀ ਕਿ ਬਾਪ ਦੇ ਗੁਨਾਹ ਦਾ ਬਦਲਾ ਬੱਚਿਆਂ ਤੋਂ ਲੈਣਾ ਦੀਨ ਦੇ ਉਲਟ ਹੈ ਅਤੇ ਨਵਾਬ ਸ਼ੇਰ ਮੁਹੰਮਦ ਖਾਨ ਦੀ ਤਰ੍ਹਾਂ ਹੀ ਜਸਟਿਨ ਟਰੂਡੋ ਨੇ ਸਿੱਖਾਂ ਦੇ ਹੱਕ ਵਿੱਚ ਉਦੋਂ ਹਾਅ ਦਾ ਨਾਅਰਾ ਮਾਰਿਆ ਸੀ ਜਦੋਂ ਉਹਨਾਂ ਨੇ ਕੈਨੇਡਾ ਦੀ ਪਾਰਲੀਮੈਂਟ ਦੇ ਵਿੱਚ ਖੜ੍ਹ ਕੇ ਭਾਰਤ ਦੀ ਸਰਕਾਰ ਉੱਤੇ ਇਹ ਇਲਜ਼ਾਮ ਲਗਾਏ ਸਨ ਕਿ ਭਾਈ ਹਰਦੀਪ ਸਿੰਘ ਨਿੱਝਰ ਦੇ ਸਰੀ ਵਿਖੇ ਹੋਏ ਕਤਲ ਪਿੱਛੇ ਭਾਰਤੀ ਏਜੰਟਾਂ ਦਾ ਹੱਥ ਹੋਣ ਦੀ ਸੂਚਨਾ ਉਹਨਾਂ ਦੇ ਕੋਲ ਹੈ। ਇਹ ਹਰ ਕੋਈ ਮੰਨਦਾ ਹੈ ਕਿ ਟਰੂਡੋ ਦੀ ਕੈਨੇਡੀਅਨ ਸਿੱਖ ਸਫ਼ਾਂ ਚ ਪਛਾਣ ਇਸ ਕਦਰ ਗੂੜ੍ਹੀ ਹੋ ਚੁੱਕੀ ਹੈ ਕਿ ਜੇ ਟਰੂਡੋ ਮੁੜ ਤੋਂ ਸਿਆਸਤ ਵਿਚ ਸਰਗਰਮ ਹੋਣ ਤਾਂ ਸਿੱਖ ਜਗਤ ਉਨ੍ਹਾਂ ਨੂੰ ਕੋਈ ਵੀ ਲੀਡਰਸ਼ਿਪ ਦੌੜ ਹਾਰਨ ਨਹੀਂ ਦੇਵੇਗਾ ਕਿਉਂਕਿ ਸਿੱਖ ਪੰਥ ਨੂੰ ਟਰੂਡੋ ਦੇ ਇਸ ਅਹਿਸਾਨ ਨੂੰ ਕਦੇ ਵੀ ਭੁਲਾ ਨਹੀਂ ਸਕਦਾ ਜਦੋਂ ਉਹ ਇੱਕ ਧਿਰ ਬਣ ਕੇ ਸਿੱਖਾਂ ਦੇ ਨਾਲ ਖਲੋਤੇ ਸਨ। ਸਿੱਖ ਜਗਤ ਹਮੇਸ਼ਾ ਹੀ ਜਸਟਿਨ ਟਰੂਡੋ ਦਾ ਰਿਣੀ ਰਹੇਗਾ। ਇਸ ਮੌਕੇ ਸਟੇਜ ਤੋਂ ਸ਼ਹੀਦ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ ਅਤੇ ਨਗਰ ਕੀਰਤਨ ਦੌਰਾਨ ਵੈਨਕੂਵਰ ਦੇ ਵਿੱਚ "ਰੈਫਰੰਡਮ" ਦੇ ਤੀਸਰੇ ਪੜਾਅ ਦੀ ਚੋਣਾਂ ਦਾ ਐਲਾਨ ਕੀਤਾ ਗਿਆ ਜੋ ਕਿ 1 ਨਵੰਬਰ 2025 ਨੂੰ ਵੈਂਕੂਵਰ ਵਿਖੇ ਹੋਵੇਗਾ।

**ਸਰੀ ਵਿਸਾਖੀ ਨਗਰ ਕੀਰਤਨ 'ਚ ਸਿੱਖ ਜਥੇਬੰਦੀਆਂ ਵੱਲੋਂ ਜਸਟਿਨ ਟਰੂਡੋ ਦਾ ਵਿਸ਼ੇਸ਼ ਸਨਮਾਨ**

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਅੰਮ੍ਰਿਤਪਾਲ ਸਿੰਘ 'ਤੇ ਲਗਾਈ ਐਨਐਸਏ ਤੁਰੰਤ ਹਟਾਵੇ ਸਰਕਾਰ- ਐਡਵੋਕੇਟ ਧਾਮੀ



**ਨਵੀਂ ਦਿੱਲੀ, 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਗਏ ਨੈਸ਼ਨਲ ਸੁਰੱਖਿਆ ਐਕਟ (ਐਨਐਸਏ) ਦੀ ਮਿਆਦ ਵਿੱਚ ਸਰਕਾਰ ਵੱਲੋਂ ਇੱਕ ਸਾਲ ਦਾ ਹੋਰ ਵਾਧਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਤੁਰੰਤ ਹਟਾਉਣ ਲਈ ਕਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦਾ ਇਹ ਕਦਮ ਉਸ ਨੂੰ ਅਦਾਲਤੀ ਪ੍ਰਕਿਰਿਆ ਤੋਂ ਦੂਰ ਰੱਖ ਕੇ ਮਨੁੱਖੀ ਅਧਿਕਾਰਾਂ ਦੀ ਸਿੱਧੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਕੋਈ ਅਜਿਹਾ ਗੁਨਾਹ ਨਹੀਂ ਕੀਤਾ ਕਿ ਉਸ ਨੂੰ ਦੇਸ਼ ਵਿਰੋਧੀ ਗਰਦਾਨ ਕੇ ਸੂਬੇ ਤੋਂ ਬਾਹਰ ਹਜ਼ਾਰਾਂ ਕਿਲੋਮੀਟਰ ਦੂਰ ਜੇਲ੍ਹ ਵਿਚ ਬੰਦ ਰੱਖਿਆ ਜਾਵੇ। ਇਹ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਉਚਿਤ ਕਾਰਵਾਈ ਨਹੀਂ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਭਾਈ ਅੰਮ੍ਰਿਤਪਾਲ ਸਿੰਘ 'ਤੇ ਲਗਾਈ ਗਈ ਐਨਐਸਏ ਤੁਰੰਤ ਖ਼ਤਮ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਨਿਰਪੱਖ ਅਦਾਲਤੀ ਪ੍ਰਕਿਰਿਆ ਦਾ ਮੌਕਾ ਦਿੱਤਾ ਜਾਵੇ।

# ਯੂਨੀਕਹੋਮ ਜਲੰਧਰ ਵਿਖੇ ਸੌ ਦੇ ਕਰੀਬ ਲਵਾਰਿਸ ਬੇਟੀਆਂ ਦਾ ਸਮੂਹਿਕ ਜਨਮ ਦਿਨ ਮਨਾਉਣ ਸਬੰਧੀ ਮੀਟਿੰਗ ਹੋਈ



ਯੂਨੀਕਹੋਮ ਜਲੰਧਰ ਵਿਖੇ ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਨਕੋਦਰ ਰੋਡ ਜਲੰਧਰ ਵਿਖੇ ਸਮਾਜ ਵਲੋਂ ਵਿਸਾਰੀਆ ਇਕ ਸੌ ਦੇ ਕਰੀਬ ਲਵਾਰਿਸ ਬੇਟੀਆਂ ਜੋਂ ਕਿ ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ ਦੀ ਦੇਖ ਰੇਖ ਹੇਠ ਪਲ ਰਹੀਆਂ ਹਨ ਦਾ ਸਮੂਹਿਕ ਜਨਮ ਦਿਨ ਮਨਾਉਣ ਸਬੰਧੀ ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ ਦੀ ਰਹਿਨੁਮਾਈ ਹੇਠ ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਜਲੰਧਰ ਦੀ ਇਕ ਮਹੱਤਵਪੂਰਨ ਮੀਟਿੰਗ ਹੋਈ । ਜਿਸ ਵਿਚ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਉਚ ਪੱਧਰੀ ਵਫ਼ਦ ਨੇ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਆਪਣੇ ਵਿਚਾਰ ਪੇਸ਼ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਨੇ ਦੱਸਿਆ ਕਿ ਇਹ ਬੇ ਮਾਣੀਆਂ ਬਾਲੜੀਆਂ ਦਾ ਜਨਮ ਦਿਨ ਜੋਂ ਪਿਛਲੇ ਲੰਮੇ ਸਮੇਂ ਤੋਂ 24 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ ਦੇ ਵਿਆਪਕ ਪ੍ਰਬੰਧਾਂ ਨੂੰ ਸਚਾਰੂ ਤੇ ਵਿਧੀਵਤ ਢੰਗ ਨਾਲ ਨੇਪਰੇ ਚਾੜ੍ਹਨ ਹਿਤ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਸੇਵਾਦਾਰ ਸਮੇਤ ਇਸਤਰੀ ਵਿੰਗ ਵੱਡੀ ਸੇਵਾ ਵਜੋਂ ਜ਼ਿਮੇਂਦਾਰੀ ਨਿਭਾਉਣਗੇ । ਯੂਨੀਕ ਹੋਮ ਜਲੰਧਰ ਦੇ ਮੁੱਖ ਪ੍ਰਬੰਧਕ ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ ਨੇ ਸੰਸਥਾ ਵਲੋ ਯੂਨੀਕ ਹੋਮ ਜਲੰਧਰ ਲਈ ਨਿਭਾਈਆਂ ਜਾ ਰਹੀ ਇਹਨਾਂ ਸੇਵਾਵਾਂ ਲਈ ਧੰਨਵਾਦ ਕਰਦਿਆਂ ਆਖਿਆ ਕਿ ਏਕ ਨੂਰ ਸੰਸਥਾ ਪਠਲਾਵਾ ਬਿਨਾਂ ਸ਼ੱਕ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਆਪਣੇ ਗੁਰੂ ਸਹਿਬਾਨਾਂ ਦੁਆਰਾ ਦਿਖਾਏ ਸਰਬੱਤ ਦੇ ਭਲੇ ਦੇ ਸੰਕਲਪ ਤੇ ਬਿਨਾਂ ਕਿਸੇ ਭਿੰਨ ਭੇਦ ਦੇ ਸੇਵਾ ਕਾਰਜਾਂ ਨੂੰ ਅੰਜ਼ਾਮ ਦੇ ਰਹੀ ਹੈ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ, ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਉਪ ਚੇਅਰਮੈਨ ਸ੍ਰੀ ਸੰਦੀਪ ਕੁਮਾਰ ਗੌੜ,ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਵਿੱਤ ਸਕੱਤਰ ਲੈਕਚਰਾਰ ਤਰਸੇਮ ਪਠਲਾਵਾ, ਖੇਡ ਵਿਭਾਗ ਦੇ ਮੁਖੀ ਪ੍ਰੋ ਚਰਨਜੀਤ ਸਿੰਘ ਪੋਸੀ, ਪ੍ਰੈਸ ਸਕੱਤਰ ਹਰਪ੍ਰੀਤ ਸਿੰਘ ਪਠਲਾਵਾ ,ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰੈਸ ਮਾ ਸੁਰਿੰਦਰ ਸਿੰਘ ਕਰਮ, ਸੀਨੀਅਰ ਅਹੁਦੇਦਾਰ ਸਤੀਸ਼ ਕੁਮਾਰ ਐਮਾਂ ਜਟਾਂ , ਜਤਿੰਦਰ ਪਾਲ ਸਿੰਘ ਸੂਰਾਪੁਰ ਤੋਂ ਇਲਾਵਾ ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਦੇ ਸਮੂਹ ਟਰੱਸਟੀ ਹਾਜਿਰ ਸਨ। **ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੀਅਰ ਸਿਟੀਜਨ ਸੋਸਾਇਟੀ ਵਿਖੇ ਮਹੀਨਾਵਾਰ ਮੀਟਿੰਗ ਦੌਰਾਨ ਮੈਂਬਰਾਂ ਦੇ ਮਨਾਏ ਜਨਮਦਿਨ

**ਬਰਨਾਲਾ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਸੀਨੀਅਰ ਸਿਟੀਜਨ ਸੋਸਾਇਟੀ (ਰਜਿ.)ਬਰਨਾਲਾ ਵਿਖੇ ਪ੍ਰਧਾਨ ਜੀ ਸੀ ਗੋਇਲ ਦੀ ਅਗਵਾਈ ਵਿੱਚ ਮਹੀਨਾਵਾਰ ਮੀਟਿੰਗ ਦੌਰਾਨ ਅਪ੍ਰੈਲ ਮਹੀਨੇ ਦੇ ਜਨਮਦਿਨ ਵਾਲੇ ਮੈਂਬਰਾਂ ਦਾ ਜਨਮ ਦਿਨ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਕੀਤੀ ਗਈ। ਇਸ ਮੌਕੇ ਪੀ ਐਨ ਬੀ ਦੇ ਡਿਪਟੀ ਜਨਰਲ ਮੈਨੇਜਰ ਸ੍ਰੀ ਦੀਪਕ ਮਹਿਤਾਨੀ ਸਰਕਲ ਹੈਡ ,ਸਰਕਲ ਬਠਿੰਡਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਉਹਨਾਂ ਨਾਲ ਪੀ ਐਨ ਬੀ ਬਰਾਂਚਾਂ ਦੇ ਮੈਨੇਜਰ ਸਾਹਿਬਾਨ ਸ੍ਰੀ ਭੂਸ਼ਣ ਗਰਗ ਡੀ ਸੀ ਓ ,ਸੀਨੀਅਰ ਮੈਨੇਜਰ ਮੇਨ ਬਰਾਂਚ ਸ੍ਰੀ ਮਹਿੰਦਰ ਕੁਮਾਰ, ਸੀਨੀਅਰ ਮੈਨੇਜਰ ਸ੍ਰੀ ਪੰਕਜ ਗੋਇਲ ਕੇ ਸੀ ਰੋਡ, ਪਰਾਜੇਸ਼ ਕੁਮਾਰ ਮਾਰਕੀਟਿੰਗ ਅਫਸਰ, ਬਲਵਾਨ ਸਿੰਘ ਮੈਨੇਜਰ , ਜਸ਼ਨ ਵੀਰ ਮੈਨੇਜਰ, ਮਨਦੀਪ ਸਿੰਘ ਮੈਨੇਜਰ ਸੰਘੇੜਾ ਵੀ ਵਿਸ਼ੇਸ਼ ਤੌਰ ਤੇ ਪਹੁੰਚੇ। ਸ੍ਰੀ ਦੀਪਕ ਮਹਿਤਾਨੀ ਜੀ ਨੇ ਆਪਣੇ ਭਾਸ਼ਣ ਦੌਰਾਨ ਸੀਨੀਅਰ ਸਿਟੀਜਨ ਦੀ ਤਾਰੀਫ ਕਰਦਿਆਂ ਕਿਹਾ ਕਿ ਇਹ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਇੱਥੇ ਹਰ ਮਹਿਕਮੇ ਦੇ ਵਿਅਕਤੀ ਇਕੱਠੇ ਬੈਠ ਕੇ ਆਪਣਾ ਸਮਾਂ ਬਤੀਤ ਕਰਦੇ ਹਨ।ਪ੍ਰਧਾਨ ਜੀ ਸੀ ਗੋਇਲ, ਜਨਰਲ ਸਕੱਤਰ ਅੰਮ੍ਰਿਤ ਤੇ ਲਾਲ ਸਿੰਗਲਾ, ਸੀਨੀਅਰ ਵਾਈਸ ਪ੍ਰਧਾਨ ਅਮਰਜੀਤ ਸਿੰਘ ਭੁੱਲਰ, ਵਾਈਸ ਪ੍ਰਧਾਨ ਰਜਿੰਦਰ ਪ੍ਰਸਾਦ ਸਿੰਗਲਾ, ਕੈਸ਼ੀਅਰ ਜਨਕ ਰਾਜ, ਐਡੀਟਰ ਗਿਆਨ ਚੰਦ ਸਿੰਗਲਾ, ਵਿਜੇ ਗੋਇਲ, ਪੈਟਰਨ ਮੁਕੰਦ ਸਿੰਘ ਸੇਵਕ ਨੇ ਗੁਲਦਸਤਾ ਭੇਂਟ ਕਰਕੇ ਉਹਨਾਂ ਦਾ ਸਵਾਗਤ ਕੀਤਾ। ਸੁਸਾਇਟੀ ਵੱਲੋਂ ਆਏ ਮਹਿਮਾਨਾ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸੁਸਾਇਟੀ ਪੈਟਰਨ ਮੁਕੰਦ ਸਿੰਘ ਸੇਵਕ, ਸਾਬਕਾ ਪ੍ਰਧਾਨ ਉਜਾਗਰ ਸਿੰਘ ਮਾਨ, ਰਜਿੰਦਰ ਜਿੰਦਲ ਨੇ ਬਹੁਤ ਹੀ ਵਧੀਆ ਗੀਤ ਸੁਣਾਏ। ਉਪਰੰਤ ਅਪ੍ਰੈਲ ਮਹੀਨੇ ਦੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਗਿਫਟ ਦੇ ਕੇ ਜਨਮ ਦਿਨ ਮਨਾਇਆ ਗਿਆ। ਪ੍ਰਧਾਨ ਜੀ ਸੀ ਗੋਇਲ, ਜਨਰਲ ਸਕੱਤਰ ਅੰਮ੍ਰਿਤ ਤੇ ਲਾਲ ਸਿੰਗਲਾ ਨੇ ਡਿਪਟੀ ਜਨਰਲ ਮੈਨੇਜਰ ਸ੍ਰੀ ਦੀਪਕ ਮਹਤਾਨੀ ਅਤੇ ਉਨਾਂ ਨਾਲ ਆਏ ਮੈਨੇਜਰ ਸਾਹਿਬਾਨ ਦਾ ਸੁਸਾਇਟੀ ਵਿਖੇ ਪਹੁੰਚਣ ਤੇ ਧੰਨਵਾਦ ਕੀਤਾ ਅਤੇ ਜਨਮਦਿਨ ਵਾਲੇ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ।ਸੋਸਾਇਟੀ ਮੈਂਬਰ ਸੋਮਨਾਥ ਬਾਂਸਲ, ਰਮੇਸ਼ ਭਾਰਦਵਾਜ ਅਤੇ ਰਾਜੇਸ਼ ਮਿੱਤਲ ਨੂੰ ਸਾਈਕਲ ਰੇਸ ਜਿੱਤਣ ਤੇ ਸਨਮਾਨਿਤ ਕੀਤਾ ਗਿਆ। ਸੁਭਾਸ਼ ਸ਼ਰਮਾ ਅਤੇ ਸੁਰਿੰਦਰ ਕੁਮਾਰੀ ਸ਼ਰਮਾ ਨੇ ਆਪਣੇ ਦੋਹਤੇ ਦੇ ਜਨਮ ਦਿਨ ਵਿੱਚ ਸਮੂਹ ਮੈਂਬਰਾਂ ਨੂੰ ਰਿਫਰੈਸਮੈਂਟ ਦਿੱਤੀ।

ਸੁਖਜਿੰਦਰ ਸਿੰਘ ਰੰਧਾਵਾ ਚੰਨਣਕੇ ਨੇ

# ਨਵੀ ਕੋਠੀ ਦਾ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਕੇ ਕੀਤਾ ਉਦਘਾਟਨ

## ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾ ਵਾਚਕ ਤੇਰੀ ਓਟ ਆਸੀਆਨਾ ਬਿਰਧ ਆਸਰਮ ਗਦਲੀ ਦੇ ਮੁੱਖੀ ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਗੁਰਮੱਤ ਵਿਚਾਰ ਦੀ ਸਾਂਝ ਪਾਈ










ਆਵਾਜ਼ਿ ਕੌਮ AWAZE QAUM International Newspaper & WEB TV

ਚੌਂਕ ਮਹਿਤਾ, 21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)– ਨੰਬਰਦਾਰ ਹਰਜੀਤ ਸਿੰਘ ਰੰਧਾਵਾ ਦੇ ਸਪੁੱਤਰ ਸੁਖਜਿੰਦਰ ਸਿੰਘ ਰੰਧਾਵਾ ਨੇ ਨਵੀ ਕੋਠੀ ਵਿੱਚ ਸਭ ਤੋਂ ਪਹਿਲਾਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨ ਪਵਾਕੇ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਭੋਗ ਪਵਾਕੇ ਬਾਹਰ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਗਏ, ਉਪਰੰਤ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸੰਗਤਾਂ ਨੂੰ ਸਰਵਨ ਕਰਵਾਏ, ਉਪਰੰਤ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾ ਵਾਚਕ ਤੇਰੀ ਓਟ ਆਸੀਆਨਾ ਬਿਰਧ ਆਸਰਮ ਗਦਲੀ ਦੇ ਮੁੱਖੀ ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਗੁਰਮੱਤ ਵਿਚਾਰ ਦੀ ਸਾਂਝ ਪਾਈ। ਇਸ ਮੌਕੇ ਤੇ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਜੀ ਬੋਪਾਰਾਏ ਮੱਤੇਵਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਨੇ ਜਥੇ ਸਮੇਤ ਉਚੇਚੇ ਤੌਰ ਤੇ ਹਾਜਰੀ ਭਰੀਆਂ। ਇਸ ਮੌਕੇ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਲਾਹਕਾਰ ਸੁਖਵਿੰਦਰ ਸਿੰਘ ਗੋਲਡੀ, ਸ, ਮਜੀਠੀਆ ਦੇ ਸਿਆਸੀ ਸਲਾਹਕਾਰ ਲਖਬੀਰ ਸਿੰਘ ਗਿੱਲ, ਦਿਲਬਾਗ ਸਿੰਘ ਸਰਕਲ ਪ੍ਰਧਾਨ ਸਰੋਮਣੀ ਆਕਾਲੀ ਦੱਲ,ਸਾਬਕਾ ਚੇਅਰਮੈਨ ਸਰਵਨ ਸਿੰਘ ਰਾਮ ਦਿਵਾਲੀ, ਸਵਿੰਦਰ ਸਿੰਘ ਸੋਨੂੰ ਬੋਪਾਰਾਏ ਪ੍ਰਧਾਨ ਯੂਥ ਅਕਾਲੀ ਦਲ ਸਰਕਲ ਤਨੇਲ,ਗਾਂਧੀ ਨਿੰਬਰਵਿੰਡ ਪ੍ਰਧਾਨ ਯੂਥ ਅਕਾਲੀ ਦਲ ਅੰਮ੍ਰਿਤਸਰ, ਸਰਪੰਚ ਗੋਰਾ ਮਾਂਗਾ ਸਰਾਏ, ਸਬ ਇੰਸਪੈਕਟਰ ਸ਼ਿਵਰਾਜ ਸਿੰਘ, ਐਸ ਐਚ ਉ ਅਜੈਪਾਲ ਸਿੰਘ ਬਾਠ, ਇੰਟਰਨੈਸ਼ਨਲ ਕਬੱਡੀ ਪੇਅਰ ਜਰਮਨਜੀਤ ਸਿੰਘ ਲੱਡਾ ਬੱਲ ਪੁਰੀਆ, ਗੁਰਿੰਦਰ ਸਿੰਘ ਸੋਹਲ,ਤਰਸੇਮ ਸਿੰਘ ਬੋਪਾਰਾਏ, ਜਸਵੰਤ ਸਿੰਘ ਸਰਹਾਲਾ, ਸਾਬਕਾ ਸਰਪੰਚ ਦਵਿੰਦਰ ਸਿੰਘ, ਮਾਸਟਰ ਦਵਿੰਦਰ ਸਿੰਘ ਨਵਾਂ ਚੰਨਣਕੇ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਵਿਕਰਮਜੀਤ ਸਿੰਘ ਡੱਲਾ, ਰਣਜੋਧ ਸਿੰਘ, ਅੰਗਰੇਜ਼ ਸਿੰਘ ਢੱਲਾ,ਆਦਿ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ

# ਜਨਤਾ ਦੀਆਂ ਸਮੱਸਿਆਂਵਾਂ ਤੇ ਖੁੱਲ੍ਹ ਕੇ ਹੋਈ ਵਿਚਾਰ-ਚਰਚਾ ਮਲਹੋਤਰਾ




ਜੰਡਿਆਲਾ ਗੁਰੂ 21ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨੀ ਜੰਡਿਆਲਾ ਗੁਰੂ ਦੇ ਉਲਾਈਵ ਗਾਰਡਨ ਰੈਸਟੋਰੈਂਟ ਵਿਖੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਇਸ ਮੀਟਿੰਗ ਦੌਰਾਨ ਜੰਡਿਆਲਾ ਗੁਰੂ ਦੇ ਹਲਕਾ ਵਾਸੀਆਂ ਹਵਾਲੇ ਕੀਤੇ ਹੋਏ ਵਿਕਾਸ ਕਾਰਜਾਂ ਬਾਰੇ ਖੁੱਲ ਕੇ ਗੱਲਬਾਤ ਹੋਈ ਅਤੇ ਬਾਕੀ ਹੋਰ ਵੀ ਆ ਰਹੀਆਂ ਜਨਤਾ ਦੀਆਂ ਸਮੱਸਿਆ ਨੂੰ ਹੱਲ ਕਰਨ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ ਇਸ ਮੌਕੇ ਤੇ ਸਮੂਹ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਜਿੱਥੇ ਜਨਤਾ ਨੂੰ ਆ ਰਹੀਆਂ ਬਾਕੀ ਸਮੱਸਿਆ ਦਾ ਜਲਦੀ ਹੱਲ ਕਰਨ ਲਈ ਵਿਸ਼ਵਾਸ ਦਿਵਾਇਆ ਅਤੇ ਕਿਹਾ ਕਿ ਜਨਤਾ ਦੀਆਂ ਸਮੱਸਿਆਂਵਾਂ ਨੂੰ ਖੁਦ ਪੱਤਰਕਾਰ ਜੋ ਆਪਣੀ ਡਿਊਟੀ ਨਿਰਸਵਾਰਥ ਦਿਨ ਰਾਤ ਤਨਦੇਹੀ ਨਾਲ ਨਿਭਾਉਦੇ ਹਨ ਪਰ ਇਹਨਾਂ ਦੇ ਆਪਣੇ ਬੈਠਣ ਵਾਸਤੇ ਵੀ ਕੋਈ ਖਾਸ ਪੱਕੀ ਜਗ੍ਹਾ ਨਹੀਂ ਹੈ ਜੰਡਿਆਲਾ ਗੁਰੂ ਦੇ ਸਾਰੇ ਪੱਤਰਕਾਰਾਂ ਦੀ ਇਹ ਸਮੱਸਿਆ ਨੂੰ ਵੀ ਦੂਰ ਕਰਨ ਵਾਸਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਪੂਰਨ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰਾਂ ਦਾ ਸਾਂਝਾ ਪ੍ਰੈਸ ਕਲੱਬ ਸਮਰਪਿਤ ਕੀਤਾ ਜਾਏਗਾ ਇਸ ਮੌਕੇ ਕੈਬਨਿਟ ਮੰਤਰੀ ਦਾ ਸਮੂਹ ਪੱਤਰਕਾਰਾਂ ਵੱਲੋਂ ਅਤੇ ਪ੍ਰੈਸ ਸੰਘਰਸ਼ ਜਰਲਿਸਟ ਐਸੋਸੀਏਸ਼ਨ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਸੰਜੀਵ ਪੁੰਜ ਅਤੇ ਜੰਡਿਆਲਾ ਗੁਰੂ ਇਕਾਈ ਦੇ ਪ੍ਰਧਾਨ ਰਾਮ ਸ਼ਰਨਜੀਤ ਸਿੰਘ ਅਤੇ ਇਹਨਾਂ ਦੀ ਸਮੂਹ ਪੱਤਰਕਾਰਾਂ ਦੀ ਟੀਮ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੂੰ ਬਾਬਾ ਦੀਪ ਸਿੰਘ ਜੀ ਦੀ ਤਸਵੀਰ ਅਤੇ ਸਿਰੋਪੇ ਨਾਲ ਸਨਮਾਨਿਤ ਕਰਕੇ ਉਹਨਾਂ ਦਾ ਧੰਨਵਾਦ ਕੀਤਾ ਗਿਆ ਇਸ ਮੌਕੇ ਜੰਡਿਆਲਾ ਪ੍ਰੈਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ, ਚੇਅਰਮੈਨ ਸੁਨੀਲ ਦੇਵਗਨ ਜੰਡਿਆਲਾ ਪ੍ਰੈਸ ਕਲੱਬ, ਮਾਝਾ ਪ੍ਰੈਸ ਕਲੱਬ ਪ੍ਰਧਾਨ ਗੁਰਦੀਪ ਸਿੰਘ ਨਾਗੀ,ਨਿਊ ਮਾਝਾ ਪ੍ਰੈਸ ਕਲੱਬ ਪ੍ਰਧਾਨ ਭੁਪਿੰਦਰ ਸਿੰਘ ਸਿੱਧੂ,ਪ੍ਰੈਸ ਵੈਲਫੇਅਰ ਮੀਤ ਪ੍ਰਧਾਨ ਰਾਮ ਪ੍ਰਸਾਦ,ਪੱਤਰਕਾਰ ਗੁਰਦੇਵ ਸਿੰਘ ਮੱਲੀ, ਪੱਤਰਕਾਰ ਕੁਲਦੀਪ ਸਿੰਘ ਡਡਵਾਲ, ਹਰਿੰਦਰ ਸਿੰਘ ਡਡਵਾਲ, ਸੁਖਜਿੰਦਰ ਸਿੰਘ ਸੋਨੂ, ਕਵਲਜੀਤ ਸਿੰਘ ਲਾਡੀ, ਮੰਗਲਦੀਪ ਸਿੰਘ, ਹਰਸ਼ ਪੁੰਜ, ਹਰਨੀਤ ਸਿੰਘ, ਕੁਲਵੰਤ ਸਿੰਘ ਵਿਰਦੀ, ਜੀਵਨ ਸ਼ਰਮਾ , ਸਤਿੰਦਰ ਸਿੰਘ ਅਠਵਾਲ, ਕੁਲਦੀਪ ਸਿੰਘ ਜੰਡਿਆਲਾ,ਵਰੁਣ ਸੋਨੀ, ਲਖਬੀਰ ਸਿੰਘ ਗਿੱਲ ,ਰੌਕੀ ਜੈਨ, ਸੋਨੂੰ ਮਿਗਲਾਨੀ, ਰਾਕੇਸ਼ ਕੁਮਾਰ , ਇੰਦਰਜੀਤ ਮਹਿਤਾ, ਰਵਿੰਦਰ ਸਿੰਘ ਗਿੱਲ ,ਆਦਿ ਹਾਜ਼ਰ ਸਨ।

### ਸਦਰ ਬਾਜ਼ਾਰ ਵਿੱਚ ਤਾਰਾਂ ਦੇ ਜੰਜਾਲ ਕਾਰਨ

# ਵਾਪਰ ਸਕਦਾ ਹੈ ਵੱਡਾ ਹਾਦਸਾ

ਨਵੀਂ ਦਿੱਲੀ 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਵਿੱਚ ਵੱਧਦੀ ਗਰਮੀ ਕਾਰਨ ਅੱਗ ਲੱਗਣ ਦੀਆਂ ਘਟਨਾਵਾਂ ਵੀ ਦਿਨੋ-ਦਿਨ ਵੱਧ ਰਹੀਆਂ ਹਨ। ਇਸ ਕਾਰਨ ਸਦਰ ਬਾਜ਼ਾਰ ਦੇ ਵਪਾਰੀ ਕਾਫ਼ੀ ਡਰੇ ਹੋਏ ਹਨ। ਫੈਡਰੇਸ਼ਨ ਆਫ ਸਦਰ ਬਾਜ਼ਾਰ ਟਰੇਡਜ਼ ਐਸੋਸੀਏਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ ਅਤੇ ਪ੍ਰਧਾਨ ਰਾਕੇਸ਼ ਯਾਦਵ ਦੇ ਅਨੁਸਾਰ, ਸਦਰ ਬਾਜ਼ਾਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਬਹੁਤ ਵੱਡਾ ਤਾਰਾਂ ਦਾ ਜੰਜਾਲ ਹੈ, ਜਿਸ ਕਾਰਨ ਕਿਸੇ ਵੀ ਸਮੇਂ ਵੱਡਾ ਹਾਦਸਾ ਵਾਪਰ ਸਕਦਾ ਹੈ। ਇਸ ਲਈ ਵਪਾਰੀ ਲਗਾਤਾਰ ਬਿਜਲੀ ਵਿਭਾਗ, ਐਮਟੀਐਨਐਲ, ਏਅਰਟੈੱਲ ਅਤੇ ਏਜੰਟਾਂ ਨੂੰ ਸੂਚਿਤ ਕਰ ਰਹੇ ਹਨ, ਪਰ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਇਸ ਸਬੰਧੀ ਫੈਡਰੇਸ਼ਨ ਜਲਦੀ ਹੀ ਸਾਰੇ ਵਿਭਾਗਾਂ ਨਾਲ ਗੱਲਬਾਤ ਕਰੇਗੀ ਤਾਂ ਜੋ ਇਸ ਸਮੱਸਿਆ ਦਾ ਜਲਦੀ ਤੋਂ ਜਲਦੀ ਹੱਲ ਕੀਤਾ ਜਾ ਸਕੇ। ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਸਦਰ ਬਾਜ਼ਾਰ ਦੇ ਕਈ ਬਾਜ਼ਾਰ ਜਿਨ੍ਹਾਂ ਵਿੱਚ ਮਟਕੇ ਵਾਲੀ ਗਲੀ, ਗ੍ਰੀਨ ਮਾਰਕੀਟ, ਕੁਤਬ ਰੋਡ, ਪਾਨ ਮੰਡੀ, ਤੋਲੀਆ ਵਾਲੀ ਗਲੀ ਸ਼ਾਮਲ ਹਨ, ਤਾਰਾਂ ਦੇ ਜੰਜਾਲਾ ਕਾਰਨ ਬੁਰੀ ਹਾਲਤ ਵਿੱਚ ਹਨ, ਜਿਸ ਕਾਰਨ ਹਰ ਰੋਜ਼ ਸ਼ਾਰਟ ਸਰਕਟ ਹੁੰਦੇ ਰਹਿੰਦੇ ਹਨ ਅਤੇ ਕਈ ਵਾਰ ਅੱਗ ਲੱਗਣ ਦੀਆਂ ਵੱਡੀਆਂ ਘਟਨਾਵਾਂ ਵੀ ਵਾਪਰ ਚੁੱਕੀਆਂ ਹਨ ਜਿਸ ਵਿੱਚ ਵਪਾਰੀਆਂ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਹੈ।

ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਜੇਕਰ ਕੋਈ ਜਲਦੀ ਅਜਿਹਾ ਨਹੀਂ ਕਰਦਾ ਤਾਂ ਫੈਡਰੇਸ਼ਨ ਉਨ੍ਹਾਂ ਵਿਰੁੱਧ ਵਿਰੋਧ ਪ੍ਰਦਰਸ਼ਨ ਕਰੇਗੀ। ਉਨ੍ਹਾਂ ਦਿੱਲੀ ਦੇ ਮੁੱਖ ਮੰਤਰੀ ਨੂੰ ਵੀ ਬੇਨਤੀ ਕੀਤੀ ਹੈ ਕਿ ਕਿਰਪਾ ਕਰਕੇ ਇਸ ਵੱਲ ਧਿਆਨ ਦੇਣ ਅਤੇ ਵਪਾਰੀਆਂ ਦੀ ਸੁਰੱਖਿਆ ਦਾ ਧਿਆਨ ਰੱਖਣ।



# ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਦੁਆਰਾ ਆਯੋਜਿਤ ਕੀਤੇ ਗਏ ਵਿਸਾਖੀ ਦੇ ਸ਼ਾਨਦਾਰ ਜਸ਼ਨ



**ਨਵੀਂ ਦਿੱਲੀ 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਦੁਆਰਾ ਸਿੱਖ ਕੈਲੰਡਰ ਦੇ ਸਭ ਤੋਂ ਮਹੱਤਵਪੂਰਨ ਤਿਉਹਾਰਾਂ ਵਿੱਚੋਂ ਇੱਕ, ਵਿਸਾਖੀ ਨੂੰ ਮਨਾਉਣ ਲਈ ਹਜ਼ਾਰਾਂ ਲੋਕ ਸਮੈਥਵਿਕ ਵਿੱਚ ਇਕੱਠੇ ਹੋਏ। ਵਿਸਾਖੀ ਦੇ ਜਸ਼ਨ ਨੇ ਸ਼ਾਨਦਾਰ ਮੌਸਮ ਅਤੇ ਖੁਸ਼ੀ ਭਰੇ ਮਾਹੌਲ ਦੇ ਨਾਲ ਸਮੂਹ ਭਾਈਚਾਰਿਆਂ ਦੇ ਲੋਕਾਂ ਨੂੰ ਸਿੱਖ ਵਿਰਾਸਤ, ਕਦਰਾਂ-ਕੀਮਤਾਂ ਅਤੇ ਸੱਭਿਆਚਾਰ ਦਾ ਸਨਮਾਨ ਕਰਨ ਲਈ ਇਕੱਠਾ ਕੀਤਾ। ਵਿਸਾਖੀ ਦੇ ਜਸ਼ਨ ਨੂੰ ਬਿਨਾਂ ਰੁਕਾਵਟ ਦੇ ਮਨਾਉਣ ਲਈ ਹਾਈ ਸਟਰੀਟ ਨੂੰ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਸੀ। ਇਸ ਜਸ਼ਨ ਵਿੱਚ ਦਿਨ ਭਰ ਗੁਰਬਾਣੀ ਦੇ ਪ੍ਰਵਾਹ, ਗੱਤਕਾ ਮੁਕਾਬਲਾ ਅਤੇ ਸੱਭਿਆਚਾਰਕ ਗਤੀਵਿਧੀਆਂ ਦੇ ਨਾਲ ਇੱਕ ਜੀਵੰਤ ਮਾਹੌਲ ਬਣਿਆ ਹੋਇਆ ਸੀ। ਇਸ ਮੌਕੇ ਸੇਵਾਦਾਰਾਂ ਵਲੋਂ 30,000 ਤੋਂ ਵੱਧ ਸੰਗਤਾਂ ਨੂੰ ਲੰਗਰ ਵਰਤਾਏ ਗਏ ਸਨ, ਜੋ ਕਿ ਨਿਰਸਵਾਰਥ ਸੇਵਾ ਅਤੇ ਸ਼ਮੂਲੀਅਤ ਦੇ ਸਿੱਖ ਸਿਧਾਂਤ ਨੂੰ ਦਰਸਾਉਂਦੇ ਹਨ। ਇਸ ਜਸ਼ਨ ਵਿਚ ਗੱਤਕਾ ਮੁਕਾਬਲਾ ਇੱਕ ਹਾਈਲਾਈਟ ਸੀ, ਜਿਸ ਨੂੰ ਦੇਖਣ ਲਈ ਵੱਡੀ ਗਿਣਤੀ ਵਿਚ ਭੀੜ ਆਕਰਸ਼ਿਤ ਹੋਈ ਕਿਉਕਿ ਇਸ ਰਾਹੀ ਸਿੱਖ ਮਾਰਸ਼ਲ ਪਰੰਪਰਾ ਦੀ ਕਲਾ, ਅਨੁਸ਼ਾਸਨ ਅਤੇ ਭਾਵਨਾ ਦਾ ਪ੍ਰਦਰਸ਼ਨ ਕੀਤਾ ਗਿਆ ਸੀ । ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਦੇ ਪ੍ਰਧਾਨ ਕੁਲਦੀਪ ਸਿੰਘ ਦਿਓਲ ਨੇ ਇਸ ਮੌਕੇ ਦਿਖਾਏ ਗਏ ਭਾਰੀ ਸਮਰਥਨ ਅਤੇ ਏਕਤਾ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ "ਵਿਸਾਖੀ ਦਾ ਜਸ਼ਨ ਸਾਡੇ ਭਾਈਚਾਰੇ ਦੇ ਵਿਚਾਰਾਂ ਦੀ ਏਕਤਾ, ਹਮਦਰਦੀ ਅਤੇ ਸੇਵਾ ਦਾ ਚਮਕਦਾਰ ਉਦਾਹਰਣ ਰਿਹਾ ਹੈ । ਸਾਨੂੰ ਮਾਣ ਹੈ ਕਿ ਇਸ ਮਹੱਤਵਪੂਰਨ ਮੌਕੇ ਨੂੰ ਮਨਾਉਣ ਲਈ ਸਾਰੇ ਖੇਤਰਾਂ ਦੇ ਬਹੁਤ ਸਾਰੇ ਲੋਕ ਇਕੱਠੇ ਹੋਏ ਹਨ। ਮੇਰਾ ਦਿਲੋਂ ਧੰਨਵਾਦ ਸਾਰੇ ਵਲੰਟੀਅਰਾਂ, ਭਾਈਵਾਲਾਂ ਅਤੇ ਹਾਜ਼ਰੀਨ ਦਾ ਜਿਨ੍ਹਾਂ ਨੇ ਅੱਜ ਦੇ ਦਿਨ ਨੂੰ ਸਮੈਥਵਿਕ ਲਈ ਇੱਕ ਖਾਸ ਅਤੇ ਅਰਥਪੂਰਨ ਦਿਨ ਬਣਾਇਆ।" ਇਹ ਸਮਾਗਮ ਸੈਂਡਵੈੱਲ ਕੌਂਸਲ, ਵੈਸਟ ਮਿਡਲੈਂਡਜ਼ ਪੁਲਿਸ ਅਤੇ ਭਾਈਚਾਰਕ ਸੰਗਠਨਾਂ ਨਾਲ ਸਾਂਝੇਦਾਰੀ ਵਿੱਚ ਕੀਤਾ ਗਿਆ ਸੀ, ਜਿਸ ਨਾਲ ਸਾਰਿਆਂ ਲਈ ਇੱਕ ਸੁਰੱਖਿਅਤ ਅਤੇ ਉਤਸ਼ਾਹਜਨਕ ਜਸ਼ਨ ਯਕੀਨੀ ਬਣਾਇਆ ਗਿਆ।

# ਨਸ਼ਾ ਰਾਜ ਦਾ ਸਰਗਨਾ ਬਿਕਰਮ ਮਜੀਠੀਆ ਭਾਈ ਅੰਮ੍ਰਿਤਪਾਲ ਸਿੰਘ ਦਾ ਨਾਮ ਵਰਤ ਕੇ ਆਪਣੀ ਡੁੱਬਦੀ ਸਿਆਸਤ ਦੀ ਬੇੜੀ ਨੂੰ ਬਚਾਉਣਾ ਚਹੁੰਦਾ ਹੈ : ਸ਼ਮਸ਼ੇਰ ਸਿੰਘ ਪੱਧਰੀ

### ਰਵਨੀਤ ਬਿੱਟੂ ਵਰਗੇ ਨਕਾਰੇ ਤੇ ਮੌਕਾਪ੍ਰਸਤਾਂ ਨੂੰ ਪੰਜਾਬ ਦੇ ਲੋਕ ਭਲੀਭਾਂਤ ਜਾਣਦੇ ਹਨ ਉਹ ਕਿਸ ਪੱਧਰ ਦੇ ਸਿਆਸਤਦਾਨ ਹਨ

ਅੰਮ੍ਰਿਤਸਰ 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਨੌਜਵਾਨਾਂ ਨੂੰ ਨਸ਼ੇ ਦੇ ਖੂਹ ਵਿੱਚ ਧੱਕਣ



ਵਾਲੇ ਅਤੇ ਆਪ ਹੀ ਨਸ਼ਾ ਤਸਕਰੀ ਦੇ ਦੋਸ਼ਾਂ 'ਚ ਘਿਰੇ ਬਿਕਰਮ ਸਿੰਘ ਮਜੀਠੀਆ ਵੱਲੋਂ ਅੱਜ ਭਾਈ ਅੰਮ੍ਰਿਤਪਾਲ ਸਿੰਘ ਜੀ ਅਤੇ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵਿਰੁੱਧ ਕੀਤੀ ਗਈ ਪ੍ਰੈਸ ਕਾਨਫਰੰਸ ਬਿਲਕੁਲ ਬੇਬੁਨਿਆਦ ਤੇ ਮਹਿਜ਼ ਸਿਆਸਤ ਦੀ ਡੁੱਬਦੀ ਬੇੜੀ ਨੂੰ ਬਚਾਉਣ ਵਾਲੀ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਜਿਲਾ ਅੰਮ੍ਰਿਤਸਰ ਦੇ ਕਾਰਜਕਾਰੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਬਿਕਰਮ ਮਜੀਠੀਆ ਵੱਲੋਂ ਲਗਾਏ ਗਏ ਦੋਸ਼ਾਂ ਦੇ ਪਿੱਛੇ ਨਾ ਕੋਈ ਸਬੂਤ ਹੈ, ਨਾ ਸੱਚਾਈ। ਇਹ ਸਾਫ਼ ਹੋ ਗਿਆ ਹੈ ਕਿ ਇਹ ਇਕ ਨਾਕਾਮ, ਜਨਤਾ ਦੇ ਨਕਾਰੇ ਹੋਏ ਨੇਤਾ ਦੀ ਅਖੀਰਲੀ ਕੋਸ਼ਿਸ਼ ਹੈ। ਜਿਸਨੂੰ ਨ ਭੂਤਕਾਲ ਮਾਫ਼ ਕਰ ਰਿਹਾ ਹੈ ਤੇ ਨ ਭਵਿੱਖ ਕਬੂਲ ਕਰੇਗਾ। ਭਾਈ ਪੱਧਰੀ ਨੇ ਕਿਹਾ ਕਿ ਬਿਕਰਮ ਮਜੀਠੀਆ ਨਸ਼ਾ ਤਸਕਰੀ ਦੇ ਕੇਸਾਂ ਵਿੱਚ ਘਿਰੇ ਹੋਏ ਹਨ ਜਿਸ ਬਾਰੇ ਸਾਰੀ ਦੁਨੀਆ ਜਾਣਦੀ ਹੈ। ਪੰਜਾਬ ਪੁਲਿਸ ਅਤੇ SIT ਦੀਆਂ ਜਾਂਚਾਂ ਮੁਤਾਬਕ ਮਜੀਠੀਆ 'ਤੇ ਨਸ਼ਾ ਮਾਫੀਆ ਨਾਲ ਸਿੱਧਾ ਸੰਬੰਧ ਹੋਣ ਦੇ ਗੰਭੀਰ ਇਲਜ਼ਾਮ ਹਨ। ਉਹਨਾਂ ਨੂੰ ਕਈ ਵਾਰੀ ਪੁੱਛਗਿੱਛ ਲਈ ਬੁਲਾਇਆ ਗਿਆ ਤੇ ਉਹ ਰਾਹਤ ਕਾਨੂੰਨੀ ਦਾਅ ਪੇਚਾਂ ਰਾਹੀਂ ਲੈਂਦੇ ਆ ਰਹੇ ਹਨ। ਇਸ ਦੇ ਉਲਟ ਭਾਈ ਅੰਮ੍ਰਿਤਪਾਲ ਸਿੰਘ ਲੋਕ ਆਸਥਾ ਦਾ ਚਿਰਾਗ ਹਨ, ਭਾਈ ਸਾਹਿਬ ਨੇ ਨੌਜਵਾਨਾਂ ਨੂੰ ਗੁਰਮਤਿ, ਨਸ਼ਾ ਮੁਕਤੀ ਅਤੇ ਪੰਜਾਬੀ ਸੱਭਿਆਚਾਰ ਵੱਲ ਵੱਧ ਚੜ੍ਹ ਕੇ ਪ੍ਰੇਰਿਤ ਕੀਤਾ। ਇਹੀ ਕਾਰਨ ਸੀ ਕਿ ਸਰਕਾਰਾਂ ਨੇ UAPA ਵਰਗੇ ਕਾਲੇ ਕਾਨੂੰਨਾਂ ਰਾਹੀਂ ਉਹਨਾਂ ਦੀ ਅਵਾਜ਼ ਦਬਾਉਣ ਦੀ ਕੋਸ਼ਿਸ਼ ਕੀਤੀ। ਭਾਈ ਪੱਧਰੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇਕ ਪੰਥਕ ਅੰਦੋਲਨ ਹੈ, ਸਾਡੀ ਪਾਰਟੀ ਪੰਜਾਬ ਦੇ ਹੱਕ, ਧਰਮ, ਪੰਥਕ ਹਿੱਤਾਂ ਅਤੇ ਤੇ ਖੜੀ ਹੈ ਬਲਕਿ ਕਿਸੇ ਨਕਲੀ ਸਿਆਸੀ ਰਾਜਨੀਤਕ ਸੈਟਅਪ ਦੀ ਤਰ੍ਹਾਂ ਨਹੀਂ ਜੋ ਨਸ਼ਾ ਵੇਚ ਕੇ ਸਿਆਸਤ ਕਰਦੇ ਹੋਣ। ਇਸ ਕਰਕੇ ਅਸੀਂ ਖੁੱਲੀ ਸੰਗਤ ਵਿੱਚ ਇਹ ਪੁੱਛਦੇ ਹਾਂ ਕਿ ਕੀ ਬਿਕਰਮ ਮਜੀਠੀਆ ਨੇ ਕਦੇ ਆਪਣੇ ਨਸ਼ਾ ਕੇਸਾਂ ਦੀ ਓਪਨ ਜਾਂਚ ਦੀ ਮੰਗ ਕੀਤੀ ? ਕੀ ਉਹਨਾਂ ਨੇ ਆਪਣੇ ਉੱਤੇ ਲੱਗੇ ਦੋਸ਼ਾਂ ਉਤੇ ਜਨਤਾ ਸਾਹਮਣੇ ਕਿਸੇ ਅਜ਼ਮਾਇਸ਼ ਦੀ ਗੱਲ ਕੀਤੀ ? ਉਹਨਾਂ ਕਿਹਾ ਕਿ ਕਿ ਸਾਡਾ ਸਾਫ਼ ਸੁਨੇਹਾ ਹੈ ਕਿ ਬਿਕਰਮ ਮਜੀਠੀਆ ਵਰਗੇ ਨਸ਼ਾ ਰਾਜ ਦੇ ਰਾਜਾ ਹੁਣ ਸੱਚ ਬੋਲਣ ਵਾਲਿਆਂ ਤੋਂ ਡਰਦੇ ਹਨ। ਉਹਨਾਂ ਨੂੰ ਪਤਾ ਹੈ ਕਿ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵਰਗੀ ਪਾਰਟੀ ਜੇ ਜਾਗਦੀ ਰਹੀ ਤਾਂ ਉਹਨਾਂ ਦੀ ਸਿਆਸੀ ਦੁਕਾਨ ਲੁੱਟੀ ਜਾਵੇਗੀ। ਇਸ ਲਈ ਝੂਠ, ਪ੍ਰਚਾਰ ਅਤੇ ਅਫ਼ਵਾਹਾਂ ਦਾ ਹਥਿਆਰ ਵਰਤਿਆ ਜਾ ਰਿਹਾ ਹੈ ਪਰ ਪੰਜਾਬ ਦੇ ਲੋਕ ਹੁਣ ਸਾਰੀ ਸੱਚਾਈ ਜਾਣ ਚੁੱਕੇ ਹਨ। ਅਸੀਂ ਬਿਕਰਮ ਸਿੰਘ ਮਜੀਠੀਆ ਅਤੇ ਰਵਨੀਤ ਬਿੱਟੂ ਵਰਗੇ ਨਕਾਰੇ ਤੇ ਮੌਕਾਪ੍ਰਸਤਾਂ ਵੱਲੋਂ ਲਗਾਏ ਸਾਰੇ ਦੋਸ਼ਾਂ ਦਾ ਸਖ਼ਤ ਲਫਜਾਂ ਵਿੱਚ ਖੰਡਨ ਕਰਦੇ ਹਾਂ।

ਦਿੱਲੀ ਫਤਿਹ ਦਿਵਸ ਨੂੰ ਸਮਰਪਿਤ

# ਜਰਨੈਲੀ ਮਾਰਚ ਸਜਾਇਆ ਗਿਆ









**ਨਵੀਂ ਦਿੱਲੀ, 21 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਫਤਿਹ ਦਿਵਸ ਦੇ ਦੂਜੇ ਤੇ ਅੰਤਿਮ ਦਿਨ ਜਰਨੈਲੀ ਮਾਰਚ ਸਜਾਇਆ ਜਿਸ ਵਿਚ ਖਾਲਸਾ ਪੰਥ ਦੀਆਂ ਜਥੇਬੰਦੀਆਂ ਨੇ ਦਲ ਬਲ ਨਾਲ ਸ਼ਮੂਲੀਅਤ ਕੀਤੀ। ਇਹ ਜਰਨੈਲੀ ਮਾਰਚ ਛੱਤਾ ਪੁੱਲ ਤੋਂ ਸ਼ੁਰੂ ਹੋ ਕੇ ਲਾਲ ਕਿਲ੍ਹੇ 'ਤੇ ਸਮਾਪਤ ਹੋਇਆ। ਇਸ ਮੌਕੇ ਸੰਬੋਧਨ ਕਰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਪਹਿਲਾਂ ਲੋਕਾਂ ਨੂੰ ਪਤਾ ਨਹੀਂ ਸੀ ਕਿ ਦਿੱਲੀ 'ਤੇ ਖਾਲਸਾ ਨੇ ਫਤਿਹ ਦਰਜ ਕੀਤੀ ਹੈ। ਲੋਕਾਂ ਨੂੰ ਪਤਾ ਨਹੀਂ ਸੀ ਕਿ ਤੀਸ ਹਜ਼ਾਰੀ ਦਾ ਕੀ ਇਤਿਹਾਸ ਹੈ, ਮੋਰੀ ਗੇਟ ਦਾ ਕੀ ਇਤਿਹਾਸ ਹੈ ? ਉਹਨਾਂ ਕਿਹਾ ਕਿ ਜਦੋਂ ਮੁਗਲੀਆ ਹਕੂਮਤ ਨੇ ਸਾਰੇ ਦਰਵਾਜ਼ੇ ਬੰਦ ਕਰ ਲਏ ਤਾਂ ਖਾਲਸਾ ਫੌਜ ਨੇ ਮੋਰੀ ਕੱਢ ਕੇ ਲਾਲ ਕਿਲ੍ਹੇ ਵਿਚ ਦਾਖਲਾ ਕੀਤਾ ਤੇ ਫਤਿਹ ਦਰਜ ਕੀਤੀ। ਅੱਜ ਇਤਿਹਾਸ ਸਿੱਖ ਬੱਚਿਆਂ ਨੂੰ ਦੱਸਣਾ ਸਾਡੀ ਜ਼ਿੰਮੇਵਾਰੀ ਹੈ। ਇਸ ਲਾਲ ਕਿਲ੍ਹੇ 'ਤੇ ਹੀ ਇਤਿਹਾਸ ਲਿਖਿਆ ਗਿਆ। ਉਹਨਾਂ ਦੱਸਿਆ ਕਿ ਇਸ ਜਰਨੈਲੀ ਮਾਰਚ ਵਿਚ 96 ਕਰੋੜੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਸੰਤ ਸਮਾਜ ਸੰਪਰਦਾਵਾਂ ਦੇ ਮੁਖੀ ਤੇ ਹੋਰ ਸੰਗਤਾਂ ਨੇ ਸ਼ਮੂਲੀਅਤ ਕੀਤੀ ਹੈ। ਉਹਨਾਂ ਦੱਸਿਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਬੱਚਿਆਂ ਨੇ ਵੀ ਇਸ ਮਾਰਚ ਵਿਚ ਹਿੱਸਾ ਲਿਆ ਹੈ। ਉਹਨਾਂ ਦੱਸਿਆ ਕਿ ਕੁਝ ਲੋਕ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਬਦਨਾਮ ਕਰਨ ਵਿਚ ਲੱਗੇ ਹਨ ਜਦੋਂ ਕਿ ਇਹ ਕੌਮ ਦੀਆਂ ਇਤਿਹਾਸਕ ਸੰਸਥਾਵਾਂ ਹਨ ਜਿਹਨਾਂ ਦੇ ਬੱਚਿਆਂ ਨੂੰ ਵਿਸ਼ੇਸ਼ ਸਿੱਖਲਾਈ ਦਿੱਤੀ ਜਾਂਦੀ ਹੈ। ਉਹਨਾਂ ਨੇ ਇਹਨਾਂ ਸਕੂਲਾਂ ਨੂੰ ਚਲਾਉਣ ਵਿਚ ਸਹਿਯੋਗ ਦੇਣ ਵਾਸਤੇ ਸਟਾਫ ਦਾ ਉੱਚੇਚੇ ਤੌਰ 'ਤੇ ਧੰਨਵਾਦ ਕੀਤਾ। ਉਹਨਾਂ ਨੇ ਦੋ ਰੋਜ਼ਾ ਦਿੱਲੀ ਫਤਿਹ ਦਿਵਸ ਮਨਾਉਣ ਵਿਚ ਸਹਿਯੋਗ ਦੇਣ ਵਾਲੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਮੁੱਚੇ ਸਟਾਫ ਦਾ ਧੰਨਵਾਦ ਕੀਤਾ ਜਿਹਨਾਂ ਨੇ ਮਾੜੇ ਮੌਸਮ ਦੇ ਬਾਵਜੂਦ ਵੱਧ ਚੜ੍ਹ ਕੇ ਮਿਹਨਤ ਕਰ ਕੇ ਇਹ ਪ੍ਰੋਗਰਾਮ ਸਿਰੇ ਚੜ੍ਹਾਉਣ ਵਾਸਤੇ ਸਹਿਯੋਗ ਦਿੱਤਾ। ਉਹਨਾਂ ਕਿਹਾ ਕਿ ਦਿੱਲੀ ਫਤਿਹ ਦਿਵਸ ਦੀ ਆਪਣੀ ਵਿਸ਼ੇਸ਼ ਮਹੱਤਤਾ ਹੈ ਤੇ ਆਉਂਦੇ ਸਮੇਂ ਵਿਚ ਇਹ ਦਿਵਸ ਹੋਰ ਵੀ ਵੱਧ ਉਤਸ਼ਾਹ ਨਾਲ ਮਨਾਇਆ ਜਾਇਆ ਕਰੇਗਾ। ਉਹਨਾਂ ਨੇ ਇਹ ਦਿਵਸ ਮਨਾਉਣ ਵਾਸਤੇ ਲੰਗਰ ਸੇਵਾ ਕਰਨ ਵਾਲੇ ਮਹਾਂਪੁਰਖਾਂ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ।

ਮਹਿਤਾ ਨੰਗਲ ਸਕੂਲ ਵਿਖੇ ਵਿਦਿਆਰਥੀਆਂ ਦੇ

# ਅੰਗਰੇਜ਼ੀ ਕੈਲੀਗ੍ਰਾਫੀ ਦੇ ਮੁਕਾਬਲੇ ਕਰਵਾਏ

**ਚੌਂਕ ਮਹਿਤਾ, 21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ. ਹਰਭਗਵੰਤ ਸਿੰਘ ਜੀ ਦੀ ਅਗਵਾਈ ਹੇਠ, ਡੀਡੀਓ ਪ੍ਰਿੰਸੀਪਲ ਸ. ਦੀਪਇੰਦਰਪਾਲ ਸਿੰਘ ਖਹਿਰਾ ਸਸਸਸ ਬੰਡਾਲਾ ਦੀ ਰਹਿਨੁਮਾਈ ਹੇਠ ਅਤੇ ਇੰਚਾਰਜ ਪ੍ਰਿੰਸੀਪਲ ਸ਼੍ਰੀ ਨਰਿੰਦਰ ਸਿੰਘ ਰਾਏ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਦੇ ਅੰਗਰੇਜ਼ੀ ਕੈਲੀਗ੍ਰਾਫੀ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਚੰਗੀ ਪੁਜੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਸੀਨੀਅਰ ਲੈਕਚਰਾਰ ਕੁਲਦੀਪ ਸਿੰਘ, ਰਵਿੰਦਰ ਕੁਮਾਰ, ਗੁਰਮੀਤ ਸਿੰਘ, ਸੁਰਿੰਦਰ ਭਾਟੀਆ, ਅੰਗਰੇਜ਼ੀ ਮੈਡਮ ਕੁਲਜਿੰਦਰ ਕੌਰ, ਕੁਲਬੀਰ ਕੌਰ, ਵਿਜੇਤਾ ਮਲਿਕ, ਨਵਜੋਤ ਸਿੰਘ, ਕੈਂਪਸ ਮੈਨੇਜਰ ਬਲਰਾਜ ਸਿੰਘ ਅਤੇ ਹਰਜੋਤ ਸਿੰਘ ਹਾਜ਼ਰ ਸਨ।




# ਅੰਮ੍ਰਿਤਪਾਲ ਪੰਜਾਬ ਹੈ ਅਤੇ ਪੰਜਾਬ ਅੰਮ੍ਰਿਤਪਾਲ-ਇਹੋ ਹੈ ਅੱਜ ਦਾ ਸੱਚ



**ਨਾ ਇਸ ਤਲਖ਼ ਹਵਾ ਦਾ ਗ਼ਰੂਰ ਜਾਣਾ ਏ।**
**ਨਾ ਉਡਦੇ ਰਹਿਣ ਦਾ ਮੇਰਾ ਫਤੂਰ ਜਾਣਾ ਏ।**

ਅੰਮ੍ਰਿਤਪਾਲ ਸਿੰਘ ਉੱਤੇ ਲੱਗੀ ਐਨਐਸਏ ਨੂੰ ਹੋਰ ਇਕ ਸਾਲ ਵਧਾਉਣ ਦੀ ਖਬਰ ਨੂੰ ਆਪਾਂ ਇੱਕ ਹੋਰ ਨਜ਼ਰੀਏ ਤੋਂ ਵੀ ਵੇਖਣ ਦੀ ਕੋਸ਼ਿਸ਼ ਕਰੀਏ।ਇਤਿਹਾਸ ਦੇ ਗੂੜੇ ਭੇਤਾਂ ਤੇ ਰੰਗਾਂ ਨੂੰ ਸਮਝਣ ਲਈ ਇਹੋ ਜਿਹੇ ਰੌਣਕ ਮੇਲੇ ਲੱਗਦੇ ਰਹਿਣੇ ਚਾਹੀਦੇ ਹਨ।ਇਹਨਾਂ ਮੇਲਿਆਂ ਤੋਂ ਸਿੱਖਣ ਸਿਖਾਉਣ ਨੂੰ ਬਹੁਤ ਕੁਝ ਮਿਲਦਾ ਹੈ।

ਹੁਣ ਇਕ ਹਕੀਕਤ ਮਾਨਸਰੋਵਰ ਦੇ ਨਿਰਮਲ ਪਾਣੀਆਂ ਦੀ ਝੀਲ ਵਾਂਗ ਦੋਸਤ ਤੇ ਦੁਸ਼ਮਣ ਦੋਵਾਂ ਦੀਆਂ ਜ਼ਮੀਰਾਂ ਨੂੰ ਹੀ ਸਾਫ ਤੇ ਸਪਸ਼ਟ ਨਜ਼ਰ ਆ ਰਹੀ ਹੈ ਕਿ ਅੰਮ੍ਰਿਤਪਾਲ ਸਿੰਘ ਪੰਜਾਬ ਦੇ ਦਿਲਾਂ ਦਾ ਮਹਿਰਮ ਹੈ।ਫਰਕ ਇਨਾ ਹੈ ਕਿ ਦੁਸ਼ਮਣ ਆਪਣਾ ਸੱਚ ਐਨਐਸਏ ਲਾ ਕੇ ਲਾਗੂ ਕਰ ਰਿਹਾ ਹੈ ਜਦਕਿ ਜਾਗਦੇ ਦੋਸਤਾਂ ਦਾ ਸੱਚ ਇਹ ਕਹਿ ਰਿਹਾ ਹੈ ਕਿ ਦੁਸ਼ਮਣ ਨੇ ਅੰਮ੍ਰਿਤਪਾਲ ਨੂੰ ਨਹੀਂ ਪੰਜਾਬ ਨੂੰ ਨਜ਼ਰਬੰਦ ਕੀਤਾ ਹੋਇਆ ਹੈ।

ਦੋਸਤੋ,ਮੈਂ ਪਹਿਲਾਂ ਵੀ ਕਿਹਾ ਸੀ ਕਿ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੀ ਗੱਲ ਤਾਂ ਇੱਕ ਪਾਸੇ ਰਹੀ,ਜੇ ਅੰਮ੍ਰਿਤ ਪਾਲ ਨੂੰ ਪੰਜਾਬ ਦੀ ਕਿਸੇ ਜੇਲ ਵਿੱਚ ਵੀ ਤਬਦੀਲ ਕਰ ਦਿੱਤਾ ਗਿਆ ਤਾਂ ਵੀ ਪੰਜਾਬ ਤੇ ਅੰਮ੍ਰਿਤਪਾਲ ਇੱਕ ਹੋ ਜਾਣਗੇ। ਐਨ ਐਸ ਏ ਨੂੰ ਵਧਾਉਣਾ ਤੇ ਬਾਕੀ ਸਾਰਿਆਂ ਤੋਂ ਐਨਐਸਏ ਹਟਾ ਕੇ ਉਹਨਾਂ ਨੂੰ ਪੰਜਾਬ ਦੀਆਂ ਜੇਲਾਂ ਵਿੱਚ ਤਬਦੀਲ ਕਰਨਾ ਪਰ ਅੰਮ੍ਰਿਤਪਾਲ ਨੂੰ ਇਕੱਲਿਆਂ ਹੀ ਡਿਬਰੂਗੜ ਜੇਲ ਵਿੱਚ ਸੁੱਟਣਾ ਤੁਹਾਡੀ ਸਮਝ ਵਿੱਚ ਕਿਉਂ ਨਹੀਂ ਆ ਰਿਹਾ ? ਇਸਦਾ ਇੱਕੋ ਹੀ ਜਵਾਬ ਹੈ ਕਿ ਪੰਜਾਬ ਅੰਮ੍ਰਿਤਪਾਲ ਹੈ ਤੇ ਅੰਮ੍ਰਿਤਪਾਲ ਪੰਜਾਬ ਹੈ।ਘੱਟੋ ਘੱਟ ਅੱਜ ਦਾ ਸੱਚ ਤਾਂ ਇਹੋ ਹੈ ਮੇਰੇ ਦੋਸਤੋ। ਸੱਤਾ ਦੇ ਬਰਾਂਡਿਆਂ ਵਿੱਚ ਅੰਮ੍ਰਿਤਪਾਲ ਸਿੰਘ ਦਾ ਡਰ ਹਰ ਕੋਈ ਮਹਿਸੂਸ ਕਰ ਰਿਹਾ ਹੈ।ਡਰ ਵੀ ਅਜੀਬ ਚੀਜ਼ ਹੈ ਕਿ ਰਾਤਾਂ ਦੀਆਂ ਨੀਂਦਰਾਂ ਉੜਾ ਦਿੰਦਾ ਹੈ।ਤੁਸੀਂ ਸੁੱਤੇ ਹੋਏ ਵੀ ਜਾਗਦੇ ਰਹਿੰਦੇ ਹੋ।

ਦੋਸਤੋ, ਚੰਦ ਇਕ ਮਹੀਨਿਆਂ ਵਿੱਚ ਹੀ ਅੰਮ੍ਰਿਤਪਾਲ ਪੰਜਾਬ ਵਿੱਚ ਕੁਝ ਇਸ ਤਰ੍ਹਾਂ ਕਰ ਗਿਆ ਸੀ,ਕੁਝ ਇਸ ਅੰਦਾਜ਼ ਵਿੱਚ ਉਹ ਗੱਲਾਂ ਕਹਿ ਗਿਆ ਸੀ ਕਿ ਉਸ ਦੀ ਹਰ ਗੱਲ ਦਿਲ ਨੂੰ ਪਹਿਲਾਂ ਛੂੰਹਦੀ ਸੀ ਤੇ ਦਿਮਾਗ ਦੀ ਵਾਰੀ ਪਿੱਛੋਂ ਆਉਂਦੀ ਸੀ। ਉਹ ਸਾਡੀ ਰੂਹ ਤੱਕ ਉਤਰ ਗਿਆ ਸੀ ਮੈਂ ਇਹ ਨਹੀਂ ਕਹਿੰਦਾ ਕਿ ਉਹ ਸੰਪੂਰਨ ਹੈ ਜਾਂ ਉਸ ਵਿੱਚ ਕੋਈ ਨੁਕਸ ਨਹੀਂ ਜਾਂ ਉਹ ਕਦੇ ਕਦੇ ਮਨਮਰਜ਼ੀ ਦੇ ਫੈਸਲੇ ਵੀ ਕਰ ਲੈਂਦਾ ਹੈ ਪਰ ਕੌਮ ਨੇ ਸਭ ਨੁਕਸਾਂ ਨੂੰ ਅਣਗੌਲਿਆਂ ਕਰਕੇ ਉਸ ਨੂੰ ਪਲਕਾਂ ਤੇ ਬਿਠਾ ਲਿਆ ਸੀ।ਕਿਸੇ ਸਮੇਂ ਇਹ ਮਾਣ ਦੀਪ ਸਿੱਧੂ ਨੂੰ ਮਿਲਿਆ,ਜੁਝਾਰੂ ਲਹਿਰ ਦੇ ਯੋਧਿਆਂ ਨੂੰ ਮਿਲਿਆ, ਸਿਮਰਨਜੀਤ ਸਿੰਘ ਮਾਨ ਨੂੰ ਮਿਲਿਆ ਤੇ ਫਿਰ ਸੰਤ ਜਰਨੈਲ ਸਿੰਘ ਨੂੰ ਮਿਲਿਆ। ਕਲਚਰ ਦੇ ਮੁਹਾਜ਼ ਤੇ ਸਿੱਧੂ ਮੂਸੇ ਵਾਲਾ ਨੇ ਵੀ ਇਹ ਮਾਣ ਹਾਸਲ ਕੀਤਾ। ਇਹ ਮਨੋਵਿਗਿਆਨਿਕ ਰਾਜ਼ ਬਹੁਤਿਆਂ ਨੂੰ ਸਮਝ ਵਿੱਚ ਨਹੀਂ ਆਉਂਦੇ। ਪੰਚਮ ਪਾਤਸ਼ਾਹ ਨੇ ਇਹ ਕਿਹਾ ਸੀ ਕਿ ਇਹ ਗਾਥਾ ਬਹੁਤ ਗੂੜੀ ਤੇ ਅਪਰ ਅਪਾਰ ਹੈ ਇਹ ਵਿਰਲਿਆਂ ਨੂੰ ਹੀ ਸਮਝ ਲੱਗੇਗੀ।ਗੁੱਸਾ ਨਾ ਕਰਿਓ ਮੈਂ ਵਰਤਮਾਨ ਇਤਿਹਾਸ ਦੀ ਗੁਫਤਾਰ ਤੇ ਰਫਤਾਰ ਨੂੰ ਕੁਝ ਇਸ ਤਰ੍ਹਾਂ ਹੀ ਲੜੀ ਵਿੱਚ ਦੇਖਿਆ,ਸਮਝਿਆ ਤੇ ਮਹਿਸੂਸ ਕੀਤਾ ਹੈ। ਅੰਮ੍ਰਿਤਪਾਲ ਨੇ ਛੱਪੜ ਦੇ ਖਲੋਤੇ ਪਾਣੀਆਂ ਵਿੱਚ ਹੀ ਕੰਕਰਾਂ ਨਹੀਂ ਮਾਰੀਆਂ ਪਰ ਉਹ ਵਗਦੇ ਦਰਿਆਵਾਂ ਦਾ ਹਾਣੀ ਹੈ।ਜਦੋਂ ਵੀ ਉਹ ਬੋਲਿਆ ਤਾਂ ਖਾਲਸਾ ਪੰਥ ਵਿਰੁੱਧ ਜਿੰਨੇ ਬਿਰਤਾਂਤ ਸਰਕਾਰਾਂ ਤੇ ਦੁਸ਼ਮਣਾਂ ਨੇ ਹੁਣ ਤੱਕ ਸਿਰਜੇ ਹੋਏ ਸਨ,ਉਹ ਇੱਕ ਇੱਕ ਕਰਕੇ ਭੰਨੇ ਗਏ-ਕੋਈ ਇਧਰ ਗਿਰਾ ਕੋਈ ਉਧਰ ਗਿਰਾ।ਉਹ ਫਿਕਸ਼ਨ ਨਹੀਂ ਸੀ ਬਲਕਿ ਫੈਕਟ ਦੀ ਸਾਕਾਰ ਤਸਵੀਰ ਸੀ।ਪਰ ਕੌਮ ਨੇ ਉਸ ਨੂੰ ਅਜੇ ਰੂਹ ਤੱਕ ਨਹੀਂ ਜਾਣਿਆ। ਇਸੇ ਤਰ੍ਹਾਂ ਦੀਪ ਨੂੰ ਵੀ ਅਸੀਂ ਨਹੀਂ ਸੀ ਜਾਣ ਸਕੇ।ਪਤਾ ਹੀ ਨਹੀਂ ਲੱਗਾ ਕਿ ਉਸਦੇ ਖੇਡਣ ਦਾ ਦਾਇਰਾ ਪੰਜਾਬ ਤੇ ਭਾਰਤ ਤੋਂ ਬਾਹਰ ਨਿਕਲ ਕੇ ਕਦੋਂ ਤੇ ਕਿਵੇਂ ਵਿਦੇਸ਼ਾਂ ਤੱਕ ਫੈਲ ਗਿਆ ਸੀ। ਸੱਚ ਪੁੱਛੋ ਤਾਂ ਹਰ ਕਿਸੇ ਨੂੰ ਉਹ ਗੀਅਲ ਮੀ ਮਹਿਸੂਸ ਹੋਣ ਲੱਗਾ। ਉਹ ਸਿੱਖ ਮਸਲਿਆਂ ਨੂੰ ਆਪਣੀ ਆਭਾ ਚਮਕ ਤੇ ਤਰਕਸ਼ੀਲ ਗਰਜ ਤੇ ਲਲਕਾਰ ਨਾਲ ਇਸ ਤਰਾਂ ਪੇਸ਼ ਕਰ ਦਿੰਦਾ ਰਿਹਾ ਕਿ ਸੱਤਾ ਦੇ ਬਰਾਂਡਿਆਂ ਵਿੱਚ ਇੱਕ ਵਾਰ ਤਾਂ "ਚਿੰਤਾ ਦਾ ਮਠ÷ਉਸਨੇ ਖੜਾ ਕਰ ਹੀ ਦਿੱਤਾ ਸੀ ਕਿ ਸਭ ਪਾਸਿਓਂ ਆਵਾਜ਼ਾਂ ਆਉਣ ਲੱਗੀਆਂ ਕਿ ਕੌਣ ਆ ਗਿਆ ਹੈ ਜਿਸ ਨੇ ਸਾਡੇ ਸਾਰੇ ਬਿਰਤਾਂਤ ਇੱਕ ਇੱਕ ਕਰਕੇ ਚਕਨਾਚੂਰ ਕਰ ਦਿੱਤੇ ਹਨ ?

ਦੋਸਤੋ,ਜਿਵੇਂ ਭਗਵੰਤ ਮਾਨ ਜ਼ਮੀਨ ਤੋਂ ਉੱਠ ਕੇ ਮੁੱਖ ਮੰਤਰੀ ਦੇ ਉੱਚੇ ਪਦ ਤੱਕ ਪਹੁੰਚਿਆ ਸੀ ਤਾਂ ਇਹ ਉਮੀਦ ਸੀ ਕਿ ਉਸਦੀ ਕਲਾਕਾਰ-ਰੂਹ ਅੰਮ੍ਰਿਤਪਾਲ ਦੀ ਪਹੁੰਚ,ਉਸਦੀ ਪ੍ਰਸਿੱਧੀ ਤੇ ਹਰਮਨਪਿਆਰਤਾ ਨੂੰ ਸੱਤਾ ਤੇ ਤਾਕਤ ਤੋਂ ਅਲੱਗ ਹੋ ਕੇ ਵੇਖਣ ਦਾ ਹੌਸਲਾ ਤੇ ਖੁੱਲ ਦਿਲੀ ਵਿਖਾਏਗੀ ਤੇ ਅੰਮ੍ਰਿਤਪਾਲ ਨੂੰ ਉਹ ਜਨਤਾ ਵਿੱਚ ਆਪਣੀ ਗੱਲ ਕਰਨ ਦੀ ਖੁੱਲ ਦੇਵੇਗਾ,ਜਿਸ ਨੇ ਉਸ ਨੂੰ ਕਾਨੂੰਨ ਤੇ ਸੰਵਿਧਾਨ ਮੁਤਾਬਕ ਵੀ ਭਾਰੀ ਬਹੁਮਤ ਨਾਲ ਚੁਣਿਆ ਸੀ।

ਦੋਸਤੋ,ਵਿਰੋਧੀਆਂ ਤੇ ਦੁਸ਼ਮਣਾਂ ਨੂੰ ਉਹਨਾਂ ਦੀ ਦੁਸ਼ਮਣੀ ਤੋਂ ਪਾਸੇ ਰੱਖ ਕੇ ਕਿਵੇਂ ਵੇਖਣਾ ਹੈ,ਉਸ ਦੀ ਇਕ ਇਤਿਹਾਸਿਕ ਮਿਸਾਲ ਅੱਜ ਦੇਣਾ ਚਾਹੁੰਦਾ ਹਾਂ ।60ਵਿਆਂ ਦੇ ਅਖੀਰ ਵਿੱਚ ਜਦੋਂ ਫਰਾਂਸ ਅੰਦਰ ਵਿਦਿਆਰਥੀਆਂ ਦੇ ਸੰਘਰਸ਼ ਨੇ ਜਿਸ ਦੀ ਅਗਵਾਈ ਮਹਾਨ ਫਿਲਾਸਫਰ ਯਾ ਪਾਲ ਸਾਰਤਰ ਕਰ ਰਿਹਾ ਸੀ ਅਤੇ ਜਦੋਂ ਰਾਸ਼ਟਰਪਤੀ ਡੇਗਾਲ ਦਾ ਤਖਤਾ ਕਰੀਬ ਕਰੀਬ ਹਿਲਣ ਹੀ ਵਾਲਾ ਸੀ ਤਾਂ ਗੁੱਸੇ ਤੇ ਰੋਹ ਵਿੱਚ ਉਸਦੀ ਆਪਣੀ ਕੈਬਨਿਟ ਤੇ ਸੰਸਦ ਮੈਂਬਰਾਂ ਨੇ ਡੇਗਾਲ ਨੂੰ ਮੋਢਿਆਂ ਤੋਂ ਝੰਜੋੜ ਕੇ ਸਵਾਲ ਕੀਤਾ ਕਿ ਸਾਰਤਰ ਨੂੰ ਗ੍ਰਿਫਤਾਰ ਕਿਉਂ ਨਹੀਂ ਕਰਦਾ ?, ਪਰ ਦੋਸਤੋ, ਸੈਂਕੜੇ ਬੰਦੂਕਾਂ ਦੀ ਛਾਂ ਵਿੱਚ ਘਿਰੇ ਹੋਏ ਵੀ ਪਰ ਇਤਿਹਾਸ ਦੀ ਚਾਲ ਨੂੰ ਸਮਝਦੇ ਹੋਏ ਵੀ ਉਸ ਦਾ ਜਵਾਬ ਹਰ ਦੌਰ ਦੇ ਹਾਕਮਾਂ ਲਈ ਵੱਡਾ ਸਬਕ ਹੈ। ਉਸ ਦਾ ਉੱਤਰ ਸਵਾਲ ਵਰਗਾ ਸੀ: ਤੁਸੀਂ ਦੱਸੋ ਭਲਾ "ਫਰਾਂਸ" ਨੂੰ ਕਿਵੇਂ ਗਿਰਫਤਾਰ ਕਰਾਂ ?ਇਸ ਦਾ ਮਤਲਬ ਸੀ ਕਿ ਦੂਰ ਤੱਕ ਵੇਖਣ ਵਾਲੀ ਦੀ ਉਸ ਦੀ ਨਜ਼ਰ ਵਿੱਚ ਸਾਰਤਰ ਦੀ ਇੱਜ਼ਤ ਤੇ ਸਤਿਕਾਰ ਇਸ ਹੱਦ ਤੱਕ ਵਧ ਚੁੱਕਾ ਸੀ ਕਿ ਸਾਰਤਰ ਤੇ ਫਰਾਂਸ ਡੇਗਾਲ ਦੀਆਂ ਨਜ਼ਰਾਂ ਵਿੱਚ ਇੱਕਮਿਕ ਹੋ ਗਏ ਸਨ। ਇਹ ਜਵਾਬ ਇਤਿਹਾਸ ਦੇ ਪੰਨਿਆਂ ਤੇ ਦਰਜ ਹੋ ਗਿਆ। ਪਰ ਸੱਤਾ ਦੀ ਚਹਿਲ ਪਹਿਲ ਵਿੱਚ ਇਥੇ ਨਾ ਤਾਂ ਭਗਵੰਤ ਮਾਨ ਨੂੰ ਕਿਸੇ ਨੇ ਸਲਾਹ ਦਿੱਤੀ ਤੇ ਨਾ ਹੀ ਕਿਸੇ ਨੇ ਡੇਗਾਲ ਨੂੰ ਯਾਦ ਕਰਾਇਆ ਕਿ ਅੱਜ ਦਾ ਸੱਚ ਕੀ ਹੈ ? ਕੀ ਭਗਵੰਤ ਮਾਨ ਦੀ ਮਾਨਸਿਕ ਹਾਲਤ ਕਿਸੇ ਸ਼ਾਇਰ ਦੀਆਂ ਨਜ਼ਰਾਂ ਵਿੱਚ ਕੁਝ ਇਸ ਤਰ੍ਹਾਂ ਨਹੀਂ ਲਗਦੀ:

ਰਾਹ "ਝੂਠ" ਕੋਲੋਂ ਪੁੱਛ ਰਿਹੈ ਅੱਜ ਕੱਲ,
ਘਰੋਂ ਜੋ ਤੁਰਿਆ ਸੀ "ਸੱਚ" ਦੀ ਭਾਲ ਵਿੱਚ।

ਇਹ ਤਸਵੀਰ ਉਸ ਸਮੇਂ ਦੀ ਯਾਦ ਹੈ ਜਦੋਂ ਵਿਸ਼ਵ ਦੇ ਪ੍ਰਸਿੱਧ ਤੇ ਭਰੋਸੇਯੋਗ ਅਖਬਾਰ "ਵਾਲ ਸਟਰੀਟ ਜਰਨਲ" ਨੇ ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ ਦੀ ਖਬਰ ਪਹਿਲੇ ਪੰਨੇ ਉੱਤੇ ਛਾਪੀ ਸੀ।

**-ਕਰਮਜੀਤ ਸਿੰਘ ਚੰਡੀਗੜ੍ਹ ਸੀਨੀਅਰ ਪੱਤਰਕਾਰ**

## ਸੱਚਖੰਡ ਵਾਸੀ ਸਤਿਕਾਰਯੋਗ ਗਿਆਨੀ ਪ੍ਰੀਤਮ ਸਿੰਘ ਜੀ ਦੀ

# ਸਲਾਨਾ ਬਰਸੀ ਪਰਿਵਾਰ ਅਤੇ ਸੰਗਤਾਂ ਨੇ ਸ਼ਰਧਾ ਭਾਵਨਾ ਨਾਲ ਮਨਾਈ

### "ਜਿਸ ਤਰ੍ਹਾਂ ਸੱਚਖੰਡ ਵਾਸੀ ਗਿਆਨੀ ਪ੍ਰੀਤਮ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਨੇ ਪੰਥ ਦੀ ਸੇਵਾ ਕੀਤੀ ਹੈ ਅਸੀਂ ਵੀ ਪਰਣ ਕਰੀਏ ਕਿ ਅਸੀਂ ਵੀ ਕੌਮ ਵਾਸਤੇ ਪੰਥ ਵਾਸਤੇ ਸੇਵਾ ਕਰ ਸਕੀਏ"






ਆਵਾਜ਼ਿ ਕੌਮ AWAZE QAUM International Newspaper & WEB TV





ਸੱਚਖੰਡ ਵਾਸੀ ਗਿਆਨੀ ਪ੍ਰੀਤਮ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਦੀਆਂ ਯਾਦਗਾਰੀ ਤਸਵੀਰਾਂ ਅਗਲੇ ਪੰਨੇ 'ਤੇ

**ਸਾਊਥਾਲ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਤੋਂ ਇੱਕ ਸਾਲ ਪਹਿਲਾਂ ਜਦੋਂ ਸਤਿਕਾਰਯੋਗ ਗਿਆਨੀ ਪ੍ਰੀਤਮ ਸਿੰਘ ਜੀ ਦੁਨੀਆਂ ਨੂੰ ਅਲਵਿਦਾ ਕਹਿ ਕੇ ਸੱਚਖੰਡ ਪਿਆਨਾ ਕਰ ਗਏ ਸਨ ਤਾਂ ਉਹਨਾਂ ਦੀ ਪਹਿਲੀ ਬਰਸੀ ਤੇ ਪਰਿਵਾਰ ਅਤੇ ਸਿੱਖ ਸੰਗਤਾਂ ਨੇ ਗੁਰਦੁਆਰਾ ਸਿੰਘ ਸਭਾ ਸਾਊਥਾਲ ਵਿਖੇ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਅਤੇ 20 ਅਪ੍ਰੈਲ ਦਿਨ ਐਤਵਾਰ ਨੂੰ ਗੁਰਦੁਆਰਾ ਗੁਰੂ ਅਮਰਦਾਸ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਅਤੇ ਉਹਨਾਂ ਦੀ ਯਾਦ ਦੇ ਵਿੱਚ ਦੀਵਾਨ ਸਜਾਏ ਗਏ ਜਿੱਥੇ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਗੁਰੂ ਘਰ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਅਤੇ ਸਿੱਖ ਨੌਜਵਾਨ ਕਥਾਕਾਰ ਨੇ ਗੁਰਬਾਣੀ ਦੇ ਆਏ ਹੋਏ ਹੁਕਮਨਾਮੇ ਦੀ ਵਿਆਖਿਆ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗੁਰੂ ਘਰ ਦੇ ਪ੍ਰਬੰਧਕਾਂ ਨੇ ਵੀ ਗਿਆਨੀ ਪ੍ਰੀਤਮ ਸਿੰਘ ਜੀ ਦੀਆਂ ਖਾਲਸਾ ਪੰਥ ਲਈ ਕੀਤੀਆ ਸੇਵਾਵਾਂ ਬਾਰੇ ਸੰਗਤਾਂ ਨੂੰ ਜਾਣੂ ਕਰਾਇਆ ਭਾਈ ਰਘਬੀਰ ਸਿੰਘ (ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ) ਨੇ ਗਿਆਨੀ ਪ੍ਰੀਤਮ ਸਿੰਘ ਜੀ ਬਾਰੇ ਦੱਸਿਆ ਕਿ ਉਹਨਾਂ ਨਾਲ ਸਾਡਾ ਸਬੰਧ 1984 ਵੇਲੇ ਉਸ ਵੇਲੇ ਹੋਇਆ ਜਦੋਂ ਸਿੰਘ ਸਾਹਿਬ ਜਸਵੀਰ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਤੇ ਭਤੀਜਾ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਇੰਗਲੈਂਡ ਆਏ ਸਨ ਤੇ ਉਹ ਗਿਆਨੀ ਪ੍ਰੀਤਮ ਸਿੰਘ ਜੀ ਦੇ ਗ੍ਰਹਿ ਵਿਖੇ ਹੀ ਠਹਿਰੇ ਸਨ ਉਹਨਾਂ ਨੇ ਇੱਥੇ ਆ ਕੇ ਵੱਡੀ ਜਥੇਬੰਦੀ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੀ ਸਥਾਪਨਾ ਕੀਤੀ ਜਥੇਬੰਦੀ ਦੇ ਬਣਾਉਣ ਵਿੱਚ ਸਭ ਤੋਂ ਜਿਆਦਾ ਮਿਹਨਤ ਅਤੇ ਸਹਿਯੋਗ ਗਿਆਨੀ ਪ੍ਰੀਤਮ ਸਿੰਘ ਜੀ ਦਾ ਸੀ ਗਿਆਨੀ ਜੀ ਜਿੱਥੇ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਗ੍ਰੰਥੀ ਦੀ ਸੇਵਾ ਕਰਦੇ ਸਨ ਉਥੇ ਹੀ ਪੰਥਕ ਸੇਵਾਵਾਂ ਲਈ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਵੱਲੋਂ ਧਾਰਮਿਕ ਪ੍ਰਚਾਰ ਵੀ ਕਰਦੇ ਸਨ ਉਹਨਾਂ ਦੀ ਹੀ ਦੇਣ ਹੈ ਕਿ ਜਦੋਂ ਕੈਂਪ ਲੱਗਦੇ ਸਨ ਉਥੇ ਧਾਰਮਿਕ ਲੈਕਚਰ ਅਤੇ ਅੰਮ੍ਰਿਤ ਸੰਚਾਰ ਦੀਆਂ ਸੇਵਾਵਾਂ ਵੀ ਗਿਆਨੀ ਜੀ ਦਾ ਜਥਾ ਹੀ ਨਿਭਾਉਂਦਾ ਸੀ ਗਿਆਨੀ ਪ੍ਰੀਤਮ ਸਿੰਘ ਜੀ ਹੁਣਾਂ ਨੇ ਦਮਦਮੀ ਟਕਸਾਲ ਦੇ ਵਿੱਚ ਸੰਤ ਗਿਆਨੀ ਗੁਰਬਚਨ ਸਿੰਘ ਜੀ ਤੋਂ ਲੈ ਕੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਨਾਲ ਵਾਲਿਆਂ ਨਾਲ ਸੇਵਾਵਾਂ ਨਿਭਾਈਆਂ ਅਤੇ ਸਹਿਯੋਗ ਦਿੱਤਾ ਗਿਆਨੀ ਜੀ ਪ੍ਰੀਤਮ ਸਿੰਘ ਨੇ ਸਿੱਖ ਨੌਜਵਾਨ ਬੱਚਿਆਂ ਨੂੰ ਧਰਮ ਨਾਲ ਜੋੜਨ ਵਾਸਤੇ ਸੰਥਿਆ ਦੀਆਂ ਕਲਾਸਾਂ ਗਤਕਾ ਦੀਆਂ ਕਲਾਸਾਂ ਅਤੇ ਹੋਰ ਬਹੁਤ ਸਾਰੀਆਂ ਸੇਵਾਵਾਂ ਕੀਤੀਆਂ ਜਿਹਦਾ ਸਬੂਤ ਅੱਜ ਸਾਡੇ ਸਾਹਮਣੇ ਹੈ ਕਿ ਉਹ ਨੌਜਵਾਨ ਬੱਚਿਆਂ ਨੇ ਗਿਆਨੀ ਜੀ ਦੀ ਯਾਦ ਦੇ ਵਿੱਚ ਜੋ ਉਹਨਾਂ ਦੀ ਬਰਸੀ ਮਨਾਈ ਹੈ ਸਾਰੀਆਂ ਸੇਵਾਵਾਂ ਉਹਨਾਂ ਨੇ ਪਰਿਵਾਰ ਨਾਲ ਰਲ ਕੇ ਨਿਭਾਈਆਂ ਸੋ ਸਾਨੂੰ ਗਿਆਨੀ ਜੀ ਹੁਣਾਂ ਵੱਲੋਂ ਕੀਤੀਆਂ ਸੇਵਾਵਾਂ ਤੋਂ ਇਹ ਸਬਕ ਲੈਣਾ ਚਾਹੀਦਾ ਹੈ ਕਿ ਜਿਸ ਤਰ੍ਹਾਂ ਉਹਨਾਂ ਨੇ ਪੰਥ ਦੀ ਸੇਵਾ ਕੀਤੀ ਹੈ ਅਸੀਂ ਵੀ ਪਰਣ ਕਰੀਏ ਕਿ ਅਸੀਂ ਵੀ ਕੌਮ ਵਾਸਤੇ ਪੰਥ ਵਾਸਤੇ ਸੇਵਾ ਕਰ ਸਕੀਏ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸੱਚਖੰਡ ਵਾਸੀ ਗਿਆਨੀ ਪ੍ਰੀਤਮ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਦੀਆਂ ਯਾਦਗਾਰੀ ਤਸਵੀਰਾਂ ਰਾਹੀਂ ਉਹਨਾਂ ਦੇ ਦਰਸ਼ਨ ਕਰੋ ਜੀ







ਆਵਾਜ਼ਿ ਕੌਮ AWAZE QAUM International Newspaper & WEB TV







ਪੰਥਕ ਅਕਾਲੀ ਲਹਿਰ ਦੇ ਸਮਰਥਨ ਵਿੱਚ

# ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਭਰਵੀਂ ਇਕੱਤਰਤਾ











**ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਵੱਲੋਂ ਪੰਥਕ ਅਕਾਲੀ ਲਹਿਰ ਦੇ ਸਮਰਥਨ ਵਿੱਚ ਸ਼ਹੀਦ ਊਧਮ ਸਿੰਘ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੰਗਤਾਂ ਦੀ ਭਰਵੀਂ ਇਕੱਤਰਤਾ ਕੀਤੀ ਗਈ। ਪੰਥਕ ਅਕਾਲੀ ਲਹਿਰ ਦੇ ਆਗੂਆਂ ਜਗਜੋਤ ਸਿੰਘ ਖਾਲਸਾ,ਤਰਲੋਚਨ ਸਿੰਘ ਸੋਹਲ,ਨਵਜੀਤ ਸਿੰਘ ਤਰਸਿਕਾ,ਅਵਤਾਰ ਸਿੰਘ ਘੋਲਾ,ਹਰਜਿੰਦਰ ਸਿੰਘ ਰੂਪੋਵਾਲੀ,ਫਲਾਵਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੋਹਤਬਾਰ ਸੱਜਣਾ ਨੇ ਹਾਜ਼ਰੀਆਂ ਲਗਵਾ ਕੇ ਵਿਚਾਰ ਸਰਵਣ ਕੀਤੇ। ਇਸ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਅਤੇ ਪੰਥਕ ਅਕਾਲੀ ਲਹਿਰ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਦੱਸਿਆ ਕਿ ਕੌਮ ਦੀ ਆਬਰੂ,ਅਣਖ ਅਤੇ ਗੌਰਵ ਦੇ ਪ੍ਰਤੀਕ ਸ਼ਹੀਦ ਸਰਦਾਰ ਊਧਮ ਸਿੰਘ ਹਨ,ਜਿਨਾਂ ਦੀ ਨਾਮ ਦੀ ਯਾਦਗਾਰ ਵਿੱਚ ਇਹ ਇਕੱਠ ਹੋਇਆ ਹੈ,ਅੱਜ ਕੌਮ ਦੀ ਆਬਰੂ ਸੰਭਾਲਣ ਦੀ ਲੋੜ ਹੈ,ਜਿਹੜੀ ਕਿ ਦੁਸ਼ਮਣਾਂ ਦੇ ਹੱਥਾਂ ਵਿੱਚ ਰੁਲ ਰਹੀ ਹੈ। ਸਾਡੇ ਮਹਾਨ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਅਤੇ ਹੋਰ ਸਿੰਘ,ਜਿਨਾਂ ਨੇ ਅੱਠ-ਅੱਠ ਮਹੀਨੇ ਤੇਗਾਂ ਚਲਾ ਕੇ,ਭੁੱਖੇ ਰਹਿ ਕੇ ਗੁਰਦਾਸ ਨੰਗਲ ਦੀ ਗੜ੍ਹੀ ਵਿੱਚ ਸ਼ਹਾਦਤਾਂ ਦੇ ਜਾਮ ਪੀਤੇ ਅਤੇ ਗ੍ਰਿਫਤਾਰੀਆਂ ਦੇ ਕੇ ਦਿੱਲੀ ਵਿੱਚ ਬੋਟੀ-ਬੋਟੀ ਹੋਏ,ਉਹ ਗੁਰਦਾਸ ਨੰਗਲ ਦੀ ਗੜ੍ਹੀ ਜਿਹੜੀ ਸ਼ਹੀਦਾਂ ਦੀ ਸ਼ਹਾਦਤਗਾਹ ਹੈ ਉਸ ਨੂੰ ਅੱਜ ਬਾਦਲ ਦੇ ਬੰਦਿਆਂ ਨੇ ਅਯਾਸ਼ੀ ਦੇ ਅੱਡੇ ਬਣਾ ਰੱਖੇ ਹਨ ਪਰ ਅਸੀਂ ਖਾਮੋਸ਼ ਹੋ ਕੇ ਇਹ ਸਭ ਕੁਝ ਦੇਖ ਰਹੇ ਹਾਂ। ਸਾਡੇ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਹੋਏ ਪੰਥ ਅਤੇ ਗ੍ਰੰਥ ਦੇ ਸਿਧਾਂਤ ਇਹ ਨਿਗੁਰੇ,ਨਾਪਾਕ,ਗੁਰੂ ਤੋਂ ਬੇਮੁਖ,ਗੁਰੂ ਸਾਹਿਬ ਜੀ ਦੀ ਪਵਿੱਤਰ ਅਜਮਤ ਦੇ ਵਿਰੋਧ ਜਾਣ ਵਾਲੇ ਲੋਕ ਆਪਣੀ ਮਰਜ਼ੀ ਨਾਲ ਵਰਤ ਰਹੇ ਹਨ,ਆਪਣੀ ਮਰਜ਼ੀ ਨਾਲ ਜਥੇਦਾਰ ਬਣਾ ਅਤੇ ਹਟਾ ਕੇ ਆਪਣੀਆਂ ਚੰਮ ਦੀਆਂ ਚਲਾ ਰਹੇ ਹਨ ਪਰ ਅਸੀਂ ਸਭ ਕੁਝ ਦੇਖ ਰਹੇ ਹਾਂ। ਅੱਜ ਸਾਡੇ ਲਈ ਵਿਚਾਰਨ ਦਾ ਸਮਾਂ ਹੈ ਕਿ ਅਸੀਂ ਇਸ ਬੇਸ਼ਕੀਮਤੀ ਸਰਮਾਏ ਨੂੰ ਕਿਵੇਂ ਸੰਭਾਲਣਾ ਹੈ। ਇਸ ਦੇ ਲਈ ਸਿੰਘ ਸਾਹਿਬ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਪਾਰਟੀਬਾਜੀ ਤੋਂ ਉੱਪਰ ਹੋ ਕੇ ਗੁਰੂ ਘਰ ਨੂੰ ਬਚਾਇਆ ਜਾਵੇ, ਹੁਣ ਪ੍ਰਬੰਧਕ ਕਮੇਟੀ ਵਿੱਚ ਤਬਦੀਲੀ ਲਿਆਉਣ ਦਾ ਸਮਾਂ ਆ ਗਿਆ ਹੈ ਜੇਕਰ ਇਹ ਸਮਾਂ ਹੱਥੋਂ ਨਿਕਲ ਗਿਆ ਤਾਂ ਫਿਰ ਇਹ ਮੌਕਾ ਨਹੀਂ ਮਿਲਣਾ। ਗੁਰੂ ਘਰ ਦੇ ਪ੍ਰਬੰਧ ਨੂੰ ਠੀਕ ਰਾਹ ਤੇ ਲਿਆਉਣ, ਗਰੀਬ ਬੱਚਿਆਂ ਨੂੰ ਸਿੱਖਿਆ, ਯਾਤਰੂਆਂ ਨੂੰ ਸਹੂਲਤਾਂ, ਗੁਰੂ ਘਰਾਂ ਦੀਆਂ ਜਮੀਨਾਂ ਨਿਲਾਮ ਹੋਣ ਤੋਂ ਬਚਾਉਣ ਲਈ ਇਹ ਤਬਦੀਲੀ ਬਹੁਤ ਜਰੂਰੀ ਹੈ। ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ 22 ਤਰੀਕ ਨੂੰ ਨਿਲਾਮੀ ਦੇ ਨੋਟਿਸ ਨਿਕਲੇ ਹਨ ਤੇ ਸਿੱਖ ਸੰਗਤਾਂ ਉਸ ਦਾ ਵਿਰੋਧ ਕਰ ਰਹੀਆਂ ਹਨ ਪਰ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਇਸ ਦਾ ਕੋਈ ਜਵਾਬ ਨਹੀਂ ਦੇ ਰਿਹਾ, ਇਸ ਤੋਂ ਇਲਾਵਾ ਅੱਠ-ਅੱਠ ਕਰੋੜ ਰੁਪਿਆ ਬਾਦਲ ਦੀ ਜਾਇਦਾਦ 'ਤੇ ਕਿਉਂ ਖਰਚ ਕਰ ਰਿਹਾ ਹੈ,ਉਸ ਦਾ ਵੀ ਜਵਾਬ ਨਹੀਂ ਦੇ ਰਿਹਾ। ਸਿੰਘ ਸਾਹਿਬ ਨੇ ਸਿੱਖ ਸੰਗਤ ਨੂੰ ਅਪੀਲ ਕੀਤੀ ਹੈ ਕਿ ਤਕੜੇ ਹੋ ਕੇ ਗੁਰੂ ਨਾਨਕ ਸਾਹਿਬ ਜੀ ਦੀ ਸੋਚ ਅਤੇ ਦਸਮ ਪਿਤਾ ਦੇ ਖਾਲਸਾ ਧਰਮ ਨੂੰ ਬਚਾਉਣ ਲਈ ਪੰਥਕ ਅਕਾਲੀ ਲਹਿਰ ਨੂੰ ਸਮਰਥਨ ਦਿੱਤਾ ਜਾਵੇ। ਸਮੂਹ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿੱਚ ਪੰਥਕ ਅਕਾਲੀ ਲਹਿਰ ਨੂੰ ਸਹਿਯੋਗ ਦੇਣ ਦਾ ਵਾਅਦਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ੍ਰ ਗੁਰਸ਼ਰਨ ਸਿੰਘ ਬੱਬਰ ਦੀ ਮਿੱਠੀ ਯਾਦ 'ਚ ਵਿਸਾਖੀ ਅਤੇ ਸਪੈਸ਼ਲ ਐਵਾਰਡ ਸਮਾਰੋਹ 'ਚ ਇੰਜ ਦਲਜੀਤ ਸਿੰਘ ਕੋਹਲੀ ਹੋਏ ਸਨਮਾਨਿਤ: ਜਸਪਾਲ ਸਿੰਘ ਪਾਇਲਟ



**ਚੌਕ ਮਹਿਤਾ 21ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੱਲ ਐਂਟਰਟੇਨਮੈਂਟ ਗਰੁੱਪ ਵੱਲੋਂ ਨਿਮਪਾ ( ਰਜਿ:) ਦੇ ਸੰਸਥਾਪਕ ਸ੍:ਗੁਰਸ਼ਰਨ ਸਿੰਘ ਬੱਬਰ ਦੀ ਨਿੱਘੀ ਯਾਦ 'ਚ ਵਿਸਾਖੀ ਮੇਲਾ ਅਤੇ ਗੁਰਸ਼ਰਨ ਸਿੰਘ ਬੱਬਰ ਯਾਦਗਾਰੀ ਐਵਾਰਡ ਸਮਾਰੋਹ ਸਥਾਨਕ ਕੰਪਨੀ ਬਾਗ ਵਿਖੇ ਕੀਤਾ ਗਿਆ। ਇਸ ਮੇਲੇ 'ਚ ਸਾਡਾ ਨਾਟ ਘਰ ਦੀ ਜੂਨੀਅਰ ਟੀਮ ਨੇ ਭੰਗੜੇ ਪਾ ਕੇ ਧਮਾਲਾਂ ਪਾਈਆਂ ਅਤੇ ਸਿੰਗਲ-ਯੂਜ ਪਲਾਸਟਿਕ ਦੀ ਵਰਤੋਂ ਦੇ ਨੁਕਸਾਨ ਬਾਰੇ ਨਾਟਕ ਪੇਸ਼ ਕਰਕੇ ਵਾਹ ਵਾਹੀ ਖੱਟੀ ! ਇਸ ਮੌਕੇ ਦੋਗਾਣਾ ਗਾਇਕ ਜੋੜੀ ਸ਼ਾਹੀ ਕੁਲਵਿੰਦਰ - ਕੌਰ ਸੁਖਵੰਤ ਨੇ ਆਪਣੇ ਗਾਣਿਆਂ ਨਾਲ ਦਰਸ਼ਕਾਂ ਸਰੋਤਿਆਂ ਨੂੰ ਕੀਲ ਲਿਆ ਅਤੇ ਮੇਲਾ ਲੁੱਟ ਕੇ ਲੈਗੇ ! ਸਮਾਰੋਹ ਵਿੱਚ ਸਮਾਜ ਸੇਵਕ ਸ਼੍ਰੀ ਬਾਲਕ੍ਰਿਸ਼ਨ ਸ਼ਰਮਾ ਅਤੇ ਸ਼੍ਰੀ ਹਰੀਦੇਵ ਸ਼ਰਮਾ ਉਚੇਚੇ ਤੌਰ ਤੇ ਪੁਜੇ ! ਐਵਾਰਡ ਸਮਾਰੋਹ ਵਿੱਚ ਇੰਜੀ ਦਲਜੀਤ ਸਿੰਘ ਕੋਹਲੀ ਨੂੰ ਉਨ੍ਹਾਂ ਦੇ ਵਾਤਾਵਰਣ ਸੰਭਾਲ ਅਤੇ ਜ਼ਮੀਨਦੋਜ਼ ਪਾਣੀ ਦੀ ਸੰਜਮ ਨਾਲ ਵਰਤੋਂ ਅਤੇ ਸੰਭਾਲ ਪ੍ਰਤੀ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਲਈ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਮਾਡਲ ਐਕਟਰ ਸ੍: ਦਮਨ ਮਜੀਠੀਆ, ਡਾ: ਨਵੀਨ ਪਾਂਧੀ ਸਾਬਕਾ ਮੁਖੀ ਟੀ ਬੀ ਹਸਪਤਾਲ, ਸ਼੍ਰੀ ਹਰੀਦੇਵ ਸ਼ਰਮਾ ਚੇਅਰਮੈਨ, ਸ਼੍ਰੀ ਬਾਲਕ੍ਰਿਸ਼ਨ ਸ਼ਰਮਾ ਸਮਾਜ ਸੇਵਕ, ਗਾਇਕ ਜੋੜੀ ਸ਼ਾਹੀ ਕੁਲਵਿੰਦਰ- ਕੌਰ ਸੁਖਵੰਤ, ਬੈਸਟ ਡਰਾਮਾ ਟੀਮ ਡਾਇਰੈਕਟਰ ਦਲਜੀਤ ਸੋਨਾ ਅਤੇ ਬੈਸਟ ਗਾਇਕ 2024 ਸ਼੍ਰੀ ਰਾਜਕੁਮਾਰ ਮਨੀ ਨੂੰ ਇਨ੍ਹਾਂ ਦੇ ਆਪਣੇ ਆਪਣੇ ਖੇਤਰ ਵਿੱਚ ਯੋਗਦਾਨ ਅਤੇ ਨਾਮਣਾ ਖੱਟਣ ਲਈ ਗੁਰਸ਼ਰਨ ਬੱਬਰ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ! ਇਸ ਮੌਕੇ ਸ਼੍ਰੀਮਤੀ ਅਨੂੰ ਅਤੇ ਸ੍: ਅਮਰਜੀਤ ਸਿੰਘ ਨੇ ਆਪਣੇ ਗਾਣਿਆਂ ਨਾਲ ਰੰਗ ਬੰਨਿਆ ! ਇਸ ਮੌਕੇ ਨਿਮਪਾ ਪ੍ਰਧਾਨ ਪਰਮਜੀਤ ਸਿੰਘ ਬੱਬਰ,ਅਦਾਕਾਰ ਜਸਬੀਰ ਚੰਗਿਆੜਾ, ਹਰੀਸ਼ ਚੌਧਰੀ, ਸਤਨਾਮ ਮੂਧਲ, ਸਾਡਾ ਨਾਟ ਘਰ ਦਲਜੀਤ ਸੋਨਾ ਦੀ ਸਮੁੱਚੀ ਟੀਮ, ਪਾਇਲਟ ਬੱਲ ਐਂਟਰਟੇਨਮੈਂਟ ਗਰੁੱਪ ਦੇ ਸਮੂਹ ਮੈਂਬਰ, ਸ਼ਸ਼ੀ,ਵਿਜੇ ਅਰੋੜਾ, ਸ਼੍ਰੀਮਤੀ ਰੰਜੀਤਾ ਅਨੰਦ, ਅਮਨ ਐਂਕਰ ਅਤੇ ਸੈਂਕੜੇ ਸ਼ਹਿਰ ਵਾਸੀ ਮੌਜੂਦ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

## ਸਨਾਤਨ ਪਰਿਵਾਰ ਵੱਲੋਂ "ਆਯੁਸ਼ਮਾਨ ਭਾਰਤ ਯੋਜਨਾ ਸਵਾਸਥ ਕਾਰਡ" ਕੈਂਪ ਦਾ ਸਫਲ ਆਯੋਜਨ




**ਚੌਕ ਮਹਿਤਾ,21 ਅਪ੍ਰੈਲ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼ਹੀਦ ਮਦਨ ਲਾਲ ਢੀਂਗਰਾ ਕੰਪਲੈਕਸ ਦੀ "ਸਨਾਤਨ ਪਰਿਵਾਰ ਸੰਸਥਾ" ਵੱਲੋਂ ਕਮਯੂਨਿਟੀ ਹਾਲ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਸਵਾਸਥ ਕਾਰਡ" ਕੈਂਪ 4 ਘੰਟੇ ਤਕ ਦਾ ਸਫਲ ਆਯੋਜਨ ਸੰਸਥਾ ਪਦਾਧਿਕਾਰੀ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ, ਜਤਿੰਦਰ ਸ਼ਰਮਾ, ਉਰਮਿਲਾ ਸ਼ਰਮਾ, ਵਿਨੋਦ ਅਰੋੜਾ, ਜਗਦੀਸ਼ ਮਹਾਜਨ ਅਤੇ ਤਿਲਕ ਰਾਜ ਸ਼ਰਮਾ ਦੀ ਦੇਖਰੇਖ ਵਿੱਚ ਲਗਾਇਆ ਗਿਆ। ਜਿਸ ਵਿੱਚ ਕੰਪਲੈਕਸ ਦੇ ਨਿਵਾਸੀਆਂ ਨੇ ਲਾਭ ਪ੍ਰਾਪਤ ਕੀਤਾ। ਉਰਮਿਲਾ ਸ਼ਰਮਾ ਅਤੇ ਸੁਨੀਤਾ ਗੁਪਤਾ ਦੀ ਅਗਵਾਈ ਹੇਠ ਅੰਮ੍ਰਿਤਵਾਣੀ ਦਾ ਪਾਠ ਵੀ ਚਲਦਾ ਰਿਹਾ। ਜਿਸ ਨਾਲ ਰਬ ਦਾ ਆਸ਼ੀਰਵਾਦ ਵੀ ਮਿਲਦਾ ਰਿਹਾ। ਆਯੁਸ਼ਮਾਨ ਸਵਾਸਥ ਕਾਰਡ ਬਨਾਉਣ ਵਿਚ ਸਮਾਜ ਸੇਵੀ ਸ਼੍ਰੀ ਕਿਸ਼ੋਰ ਰੈਨਾ, ਨਰਿੰਦਰ ਜੌਲੀ, ਅੰਕੁਰ ਅਰੋੜਾ, ਵਿਕਰਮ ਢਿਫੋਨਾ, ਨੁਰੀਨ ਮਹਾਜਨ ਦਾ ਸ਼ਲਾਘਾਯੋਗ ਯੋਗਦਾਨ ਰਿਹਾ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਯੋਜਨਾ ਸਵਾਸਥ ਕਾਰਡ ਬਜੁਰਗਾ ਦੇ ਲਈ ਕੀਮਤੀ ਤੋਹਫਾ ਹੈ। ਆਯੁਸ਼ਮਾਨ ਕਾਰਡ ਧਾਰਕ ਨੂੰ ਖਤਰਨਾਕ ਬੀਮਾਰੀ ਦੇ ਇਲਾਜ ਲਈ ਭਾਰਤ ਸਰਕਾਰ ਵੱਲੋਂ 5 ਲਖ ਰੁਪਏ ਦੀ ਰਕਮ ਦੀਤੀ ਜਾਂਦੀ ਹੈ। ਸ਼੍ਰੀ ਕਿਸ਼ੋਰ ਰੈਨਾ ਨੇ ਦੱਸਿਆ ਕਿ ਆਯੁਸ਼ਮਾਨ ਕਾਰਡ ਯੋਜਨਾ ਦੇ ਅੰਦਰ 70 ਸਾਲ ਦੀ ਉਮਰ ਤੋਂ ਉਪਰ ਬਜੁਰਗ ਇਸ ਯੋਜਨਾ ਦਾ ਲਾਭ ਲੈ ਸਕਦੇ ਹਨ। ਸਰਕਾਰੀ ਹਸਪਤਾਲਾ ਅਤੇ ਕਈ ਪ੍ਰਾਈਵੇਟ ਹਸਪਤਾਲਾ ਵਿਚ ਇਹ ਯੋਜਨਾ ਦਾ ਲਭ ਮਿਲਦਾ ਹੈ। ਇਸ ਪ੍ਰੋਗਰਾਮ ਵਿੱਚ ਵੈਦਿਕ ਪ੍ਰਵਕਤਾ ਕੁਲਦੀਪ ਆਰਯਾ, ਅਸ਼ਵਨੀ ਗੁਪਤਾ, ਸਵਰਣਕਾਂਤਾ ਸ਼ਰਮਾ, ਵੰਦਨਾ ਸ਼ਰਮਾ ਅਤੇ ਹੋਰ ਜਾਣੇਮਾਨੇ ਲੋਕ ਸਨ। ਪ੍ਰੋਗਰਾਮ ਦੀ ਆਰਤੀ ਦੇ ਨਾਲ ਅਤੇ ਪ੍ਰਸਾਦ ਵੰਡ ਕੇ ਸਮਾਪਤੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਐਨ. ਐਸ. ਏ. ਦੀ ਮਿਆਦ ਵਧਾਉਣ ਦੀ ਨਿੰਦਾ



ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਗਏ ਨੈਸ਼ਨਲ ਸੁਰੱਖਿਆ ਐਕਟ ਤੁਰੰਤ ਹਟਾਏ ਸਰਕਾਰ (ਪਰੇਮ ਸਿੰਘ ਚੀਮਾ) (ਐਨਐਸਏ) ਦੀ ਮਿਆਦ ਵਿੱਚ ਸਰਕਾਰ ਵੱਲੋਂ ਇੱਕ ਸਾਲ ਦਾ ਹੋਰ ਵਾਧਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਤੁਰੰਤ ਹਟਾਉਣ ਲਈ ਕਿਹਾ ਹੈ। ਚੀਮਾ ਨੇ ਕਿਹਾ ਕਿ ਸਰਕਾਰ ਦਾ ਇਹ ਕਦਮ ਉਸ ਨੂੰ ਅਦਾਲਤੀ ਪ੍ਰਕਿਰਿਆ ਤੋਂ ਦੂਰ ਰੱਖ ਕੇ ਮਨੁੱਖੀ ਅਧਿਕਾਰਾਂ ਦੀ ਸਿੱਧੀ ਉਲੰਘਣਾ ਹੈ।ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਕੋਈ ਅਜਿਹਾ ਗੁਨਾਹ ਨਹੀਂ ਕੀਤਾ ਕਿ ਉਸ ਨੂੰ ਦੇਸ਼ ਵਿਰੋਧੀ ਗਰਦਾਨ ਕੇ ਸੂਬੇ ਤੋਂ ਬਾਹਰ ਹਜ਼ਾਰਾਂ ਕਿਲੋਮੀਟਰ ਦੂਰ ਜੇਲ੍ਹ ਵਿਚ ਬੰਦ ਰੱਖਿਆ ਜਾਵੇ। ਇਹ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਉਚਿਤ ਕਾਰਵਾਈ ਨਹੀਂ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਭਾਈ ਅੰਮ੍ਰਿਤਪਾਲ ਸਿੰਘ 'ਤੇ ਲਗਾਈ ਗਈ ਐਨਐਸਏ ਤੁਰੰਤ ਖ਼ਤਮ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਨਿਰਪੱਖ ਅਦਾਲਤੀ ਪ੍ਰਕਿਰਿਆ ਦਾ ਮੌਕਾ ਦਿੱਤਾ ਜਾਵੇ।

### ਖਾਲਸਾ ਪੰਥ ਦੇ ਸਾਜਨਾ ਦਿਵਸ ਤੇ ਸਾਲਜਬਰਗ ਅਸਟਰੀਆ ਯੂਰਪ ਵਿਖੇ

# ਬਹੁਤ ਹੀ ਸ਼ਰਧਾ ਭਾਵਨਾ ਨਾਲ ਮਹਾਨ ਨਗਰ ਕੀਰਤਨ ਕੱਢਿਆ ਗਿਆ

## ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਸਮੂਹ ਸੰਗਤਾਂ ਨੂੰ ਖਾਲਸਾ ਪੰਥ ਦੇ ਸਾਜਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ
















ਮਿਤੀ 20 ਅਪ੍ਰੈਲ ਦਿਨ ਐਤਵਾਰ ਨੂੰ ਸਾਲਜਬਰਗ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਫੁੱਲਾਂ ਦੀ ਵਰਖਾ ਨਾਲ ਕੱਢਿਆ ਗਿਆ। ਜਿਸ ਵਿੱਚ ਰਾਗੀ ,ਢਾਡੀ, ਕੀਰਤਨ ਜਥਿਆਂ ਨੇ ਹਰਿ ਜਸ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਵਿੱਚ ਤਿੰਨ ਹਜ਼ਾਰ ਤੋਂ ਵੱਧ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਯੂਰਪ ਦੇ ਵੱਖ ਵੱਖ ਦੇਸ਼ਾਂ ਤੋਂ ਸੰਗਤਾਂ ਨੇ ਪਹੁੰਚ ਕੇ ਨਗਰ ਕੀਰਤਨ ਦੀ ਰੌਣਕ ਨੂੰ ਵਧਾਇਆ। ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਪਤਵੰਤੇ ਸੱਜਣਾਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ। ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਨਗਰ ਕੀਰਤਨ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਤੇ ਪ੍ਰਬੰਧਕ ਕਮੇਟੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ । ਸਟੇਜ ਸੈਕਟਰੀ ਦੀ ਡਿਊਟੀ ਬਲਵਿੰਦਰ ਸਿੰਘ ਰੰਧਾਵਾ ਅਤੇ ਭਾਈ ਸਾਗਰਪਾਲ ਸਿੰਘ ਜੀ ਨੇ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

ਜਰਮਨ ਤੋਂ ਆਉਸਬਰਗ ਤੋਂ ਪ੍ਰਧਾਨ ਕਸ਼ਮੀਰ ਸਿੰਘ, ਉਲਮ ਤੋਂ ਪ੍ਰਧਾਨ ਜਸਵਿੰਦਰ ਸਿੰਘ, ਮਾਉਨਿਕ ਤੋਂ ਪ੍ਰਬੰਧਕ ਕਮੇਟੀ ਬੱਸਾਂ ਕਾਰਾਂ ਰਾਹੀਂ ਸੰਗਤਾਂ ਲੈ ਕੇ ਵੱਡੀ ਗਿਣਤੀ ਵਿੱਚ ਪਹੁੰਚੀਆਂ ।ਇਸੇ ਤਰ੍ਹਾਂ ਰਜਿੰਦਰ ਸਿੰਘ ਗ੍ਰੰਥੀ, ਸ਼ਿੰਦਰਪਾਲ ਸਿੰਘ ਧਿੰਜਨ, ਵੀਨ ਤੋਂ ਪ੍ਰਧਾਨ ਸੁਖਦੀਪ ਸਿੰਘ, ਹਰਬੰਸ ਸਿੰਘ ਪ੍ਰਧਾਨ, ਸੁਰਬੀਰ ਸਿੰਘ ਸਰਨਾ ਪ੍ਰਧਾਨ ,ਭਾਈ ਜਰਨੈਲ ਸਿੰਘ ਮੀਤ ਪ੍ਰਧਾਨ ਆਈਪੀਡੀ ,ਜਸਪਾਲ ਸਿੰਘ ਵੀਨ, ਧੰਨਜੀਤ ਸਿੰਘ ਵੀਨ, ਓੰਕਾਰ ਸਿੰਘ ਵੀਨ, ਕਲੈਗਨਫਰੋਟ ਤੋਂ ਹਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਆਈਪੀਡੀ, ਗਰਾਸ ਤੋਂ ਭਾਈ ਵਰਿੰਦਰ ਸਿੰਘ ਜੀ ਜੌਹਲ ਮੁੱਖ ਬੁਲਾਰੇ ਆਈਪੀਡੀ, ਹਰਪ੍ਰੀਤ ਸਿੰਘ ਇਨਸਬਰੁਕ ਜਰਨਲ ਸਕੱਤਰ ਆਈਪੀਡੀ, ਨਰਿੰਦਰ ਸਿੰਘ ਵੀਨ ਪ੍ਰਧਾਨ, ਤਰਸੇਮ ਸਿੰਘ ਕਲੈਗਨਫਰੋਟ ਆਈਪੀਡੀ ਪ੍ਰਧਾਨ, ਬਲਵਿੰਦਰ ਸਿੰਘ ਲਿਨਸ ,ਗੁਰਮੇਲ ਸਿੰਘ ਲਿਨਸ ਪੀਟੀਸੀ ਚੈਨਲ ਬੀਬੀ ਮੋਨੀਕਾ ਜੀ ਨੇ ਸਾਰਾ ਪ੍ਰੋਗਰਾਮ ਲਾਈਵ ਕੀਤਾ ।ਇਸੇ ਤਰ੍ਹਾਂ ਹਰਮੇਲ ਸਿੰਘ ,ਪ੍ਰਧਾਨ ਸਾਗਰਪਾਲ ਸਿੰਘ, ਸੁਰਿੰਦਰ ਸਿੰਘ, ਭਵਨੀਤ ਸਿੰਘ, ਰਵਿੰਦਰ ਸਿੰਘ ਰੈਂਸੀ ਚੇਅਰਮੈਨ ,ਰਿੱਕੀ ਸਿੰਘ ਲਿਨਸ ਵੀਡੀਓਗਰਾਫੀ ਪ੍ਰਧਾਨ ਸੁਰਜੀਤ ਸਿੰਘ ,ਗੁਰਪ੍ਰੀਤ ਸਿੰਘ ਕਲੈਗਨਫਰੋਟ ,ਖੁਸ਼ਵੰਤ ਸਿੰਘ ਗੁਰਾਇਆ ਟਰਾਂਸਪੋਰਟ, ਗੁਰਸ਼ਰਨ ਸਿੰਘ ਗਤਕਾ ਟੀਮ, ਤਰਨਪ੍ਰੀਤ ਇਨਸਬਰੁਕ ,ਗੁਰਪ੍ਰੀਤ ਇਨਸਬਰੁਕ ਅਮਨ ਵੀਨ, ਹੀਰਾ ਸਿੰਘ, ਮਨਜਿੰਦਰ ਸਿੰਘ ,ਸੋਨੂ ਪਾਵਲਾ ਆਜ਼ਾਦ ਕਲੱਬ , ਗਗਨਦੀਪ ਰੰਧਾਵਾ, ਬਲਬੀਰ ਸਿੰਘ ਅੰਮ੍ਰਿਤਪਾਲ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

**-ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**



### ਨਗਰ ਵਾੜਾ ਸ਼ੇਰ ਸਿੰਘ ਤੋਂ

# ਸ੍ਰੀ ਗੋਇੰਦਵਾਲ ਸਾਹਿਬ, ਸੁਲਤਾਨਪੁਰ ਲੋਧੀ ਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰੇ : ਬਾਬਾ ਸੱਜਣ ਸਿੰਘ ਜੀ ਵਾੜ੍ਹਾ ਸ਼ੇਰ ਸਿੰਘ











(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਪੰਜਮ ਪਾਤਸ਼ਾਹ ਸ਼ਹੀਦਾਂ ਦੇ ਸਿਰਤਾਜ ਸਾਂਤੀ ਦੇ ਪੁੰਜ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਨਗਰ ਵਾੜਾ ਸ਼ੇਰ ਸਿੰਘ ਜਿਲਾ ਤਰਨ ਤਾਰਨ ਤੋਂ ਸ਼੍ਰੀ ਗੋਇੰਦਵਾਲ ਸਾਹਿਬ , ਸੁਲਤਾਨਪੁਰ ਲੋਧੀ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੀ ਦੇ ਜਨਮ ਦਿਨ ਦੀ ਸਰਬੱਤ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਜੀ ਦੇ ਪਾਏ ਪੂਰਨਿਆਂ ਤੇ ਚੱਲਣਾ ਤੇ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਨੇ ਚਾਹੀਦੇ ਹਨ। ਦੱਸਿਆ ਕਿ ਇਸ ਤੋਂ ਪਹਿਲਾਂ 18 ਤਰੀਕ ਨੂੰ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਨਗਰਵਾੜਾ ਸ਼ੇਰ ਸਿੰਘ ਤੋਂ ਸੰਗਤਾਂ ਨੇ ਹਾਜ਼ਰੀ ਭਰੀ ਇਸ ਵਾਰ ਬੱਸ ਦੀ ਸੇਵਾ ਨਗਰ ਵਾੜਾ ਸ਼ੇਰ ਸਿੰਘ ਤੋਂ ਸ੍ਰ ਹਰਪਾਲ ਸਿੰਘ ਸਪੁੱਤਰ ਸ੍ਰ ਸ਼ਿੰਗਾਰਾ ਸਿੰਘ ਦੇ ਪਰਿਵਾਰ ਵੱਲੋਂ ਕੀਤੀ ਗਈ।ਇਸ ਮੌਕੇ ਬਾਬਾ ਦਇਆ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਭਾਈ ਕਰਨੈਲ ਸਿੰਘ ਜੀ, ਭਾਈ ਭਗਵੰਤ ਸਿੰਘ ਦਿਆਲਪੁਰ, ਕੁਲਵੰਤ ਸਿੰਘ ਲਾਖਨਾ, ਹਰਪਾਲ ਸਿੰਘ, ਸੁਰਿੰਦਰ ਸਿੰਘ ਵਾੜਾ ਤੇਲੀਆਂ, ਬਾਬਾ ਜਰਨੈਲ ਸਿੰਘ ਅਵਤਾਰ ਸਿੰਘ, ਗੁਰਸ਼ਰਨ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ। ●●

### ਧਨਵੰਤਰੀ ਹਸਪਤਾਲ ਦੇ ਗੋਲਡਨ ਜੁਬਲੀ ਸਮਾਰੋਹ ਦੇ ਤਹਿਤ

# ਸੰਵੇ 2025 ਦੇ ਦੂਜੇ ਦਿਨ ਆਯੁਰਵੇਦ ਦੇ ਵਿਸਥਾਰ ’ਤੇ ਡੂੰਘਾ ਚਿੰਤਨ



**ਚੌਂਕ ਮਹਿਤਾ,21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਵਾਇਤੀ ਗਿਆਨ ਨੂੰ ਮੌਜੂਦਾ ਸਿਹਤ ਸੰਭਾਲ ਪ੍ਰਦਾਨ ਕਰਨ ਦੇ ਨਾਲ ਜੋੜਨ ਦੀ ਕੋਸ਼ਿਸ਼ ਵਿੱਚ, ਸ਼੍ਰੀ ਧਨਵੰਤਰੀ ਆਯੁਰਵੇਦ ਕਾਲਜ ਅਤੇ ਹਸਪਤਾਲ ਨੇ ਸੋਮਵਾਰ ਨੂੰ ਸੈਕਟਰ 46 ਚੰਡੀਗੜ੍ਹ ਸਥਿਤ ਆਪਣੇ ਕੈਂਪਸ ਵਿੱਚ ਆਪਣੇ ਗੋਲਡਨ ਜੁਬਲੀ ਸਮਾਰੋਹ ਦੇ ਹਿੱਸੇ ਵਜੋਂ ਸੈਂਟਰਲ ਕੌਂਸਲ ਫਾਰ ਰਿਸਰਚ ਇਨ ਆਯੁਰਵੇਦ ਸਾਇੰਸਜ਼ ਦੇ ਸਹਿਯੋਗ ਨਾਲ ਦੋ-ਰੋਜ਼ਾ ਰਾਸ਼ਟਰੀ ਸਿੰਪੋਜ਼ੀਅਮ - ਸਮਾਵੇ 2025 ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਪ੍ਰਮੁੱਖ ਆਯੁਰਵੇਦ ਮਾਹਿਰਾਂ, ਪ੍ਰੈਕਟੀਸ਼ਨਰਾਂ, ਖੋਜਕਰਤਾਵਾਂ ਅਤੇ ਸਿੱਖਿਆ ਸ਼ਾਸਤਰੀਆਂ ਨੇ ਭਾਰਤ ਦੇ ਤੇਜ਼ੀ ਨਾਲ ਵਿਕਸਤ ਹੋ ਰਹੇ ਸਿਹਤ ਸੰਭਾਲ ਦ੍ਰਿਸ਼ ਵਿੱਚ ਆਯੁਰਵੇਦ ਦੇ ਭਵਿੱਖ ’ਤੇ ਵਿਆਪਕ ਤੌਰ ’ਤੇ ਵਿਚਾਰ-ਵਟਾਂਦਰਾ ਕੀਤਾ ਦਿਨ ਦੇ ਪਹਿਲੇ ਸੈਸ਼ਨ ਦੀ ਪ੍ਰਧਾਨਗੀ ਅਜੈ ਚਗਤੀ (ਆਈਏਐਸ), ਸਕੱਤਰ, ਸਿਹਤ, ਯੂਟੀ ਪ੍ਰਸ਼ਾਸਨ ਨੇ ਸ਼੍ਰੀ ਧਨਵੰਤਰੀ ਐਜੂਕੇਸ਼ਨਲ ਸੋਸਾਇਟੀ ਦੇ ਜਨਰਲ ਸਕੱਤਰ ਡਾ. ਨਰੇਸ਼ ਮਿੱਤਲ ਅਤੇ ਕਾਲਜ ਪ੍ਰਿੰਸੀਪਲ ਡਾ. ਸੁਮਿਤ ਸ਼੍ਰੀਵਾਸਤਵ ਦੀ ਮੌਜੂਦਗੀ ਵਿੱਚ ਕੀਤੀ। ਉਨ੍ਹਾਂ ਨੇ ਆਯੁਰਵੇਦ ਨੂੰ ਆਧੁਨਿਕ ਡਾਕਟਰੀ ਪ੍ਰਣਾਲੀਆਂ ਨਾਲ ਜੋੜਨ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਕਿਹਾ ਕਿ ਆਯੁਰਵੇਦ ਦੀ ਆਪਣੀ ਅਮੀਰ ਵਿਰਾਸਤ ਹੈ ਜਿਸ ਵਿੱਚ ਅਪਾਰ ਸੰਭਾਵਨਾਵਾਂ ਹਨ। ਹਾਲਾਂਕਿ, ਅੱਜ ਦੀਆਂ ਕਲੀਨਿਕਲ ਮੰਗਾਂ ਅਤੇ ਵਿਗਿਆਨਕ ਕਠੋਰਤਾ ਨੂੰ ਪੂਰਾ ਕਰਨ ਲਈ ਆਯੁਰਵੇਦ ਨੂੰ ਅਨੁਕੂਲਤਾ ਅਤੇ ਨਵੀਨਤਾ ਦੀ ਲੋੜ ਹੋਵੇਗੀ। ਆਪਣੇ ਸੰਬੋਧਨ ਵਿੱਚ, ਨਾਈਪਰ ਦੇ ਡਾਇਰੈਕਟਰ ਡਾ. ਦੁਲਾਲ ਪਾਂਡਾ ਨੇ ਜ਼ੋਰ ਦੇ ਕੇ ਕਿਹਾ ਕਿ ਆਯੁਰਵੇਦ ਨੂੰ ਵਿਸ਼ਵਵਿਆਪੀ ਪ੍ਰਵਾਨਗੀ ਪ੍ਰਾਪਤ ਕਰਨ ਲਈ ਵਿਗਿਆਨਕ ਪ੍ਰਮਾਣਿਕਤਾ, ਮਜ਼ਬੂਤ ਗੁਣਵੱਤਾ ਨਿਯੰਤਰਣ ਅਤੇ ਮਿਆਰੀ ਫਾਰਮੂਲੇ ’ਤੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਯੁਰਵੈਦਿਕ ਅਭਿਆਸਾਂ ਅਤੇ ਉਤਪਾਦਾਂ ਦੀ ਸਖ਼ਤ ਖੋਜ ਅਤੇ ਸਥਿਰਤਾ ਉਨ੍ਹਾਂ ਨੂੰ ਦੁਨੀਆ ਭਰ ਦੀਆਂ ਸਿਹਤ ਸੰਭਾਲ ਪ੍ਰਣਾਲੀਆਂ ਵਿੱਚ ਵਿਸ਼ਵਾਸ ਹਾਸਲ ਕਰਨ ਵਿੱਚ ਮਦਦ ਕਰੇਗੀ। ਡਾ. ਐਨ. ਸ਼੍ਰੀਕਾਂਤ, ਡਿਪਟੀ ਡਾਇਰੈਕਟਰ, ਸੀ.ਸੀ.ਆਰ.ਏ.ਐਸ., ਨਵੀਂ ਦਿੱਲੀ, ਜੋ ਇਸ ਮੌਕੇ ’ਤੇ ਮੌਜੂਦ ਸਨ, ਨੇ ਅਕਾਦਮਿਕ, ਉਦਯੋਗ ਅਤੇ ਰੈਗੂਲੇਟਰੀ ਸੰਸਥਾਵਾਂ ਦੇ ਆਪਸੀ ਤਾਲਮੇਲ ਨਾਲ ਕੇਂਦ੍ਰਿਤ ਖੋਜ, ਨਵੀਨਤਾ ਅਤੇ ਨੀਤੀ ਸਹਾਇਤਾ ਨੂੰ ਤੇਜ਼ ਕਰਨ ਲਈ ਇੱਕ ਢਾਂਚਾਗਤ ਵਿਧੀ ਵਿਕਸਤ ਕਰਨ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ। ਡਾ. ਮਿੱਤਲ ਨੇ ਆਯੁਰਵੈਦਿਕ ਸਿੱਖਿਆ ਵਿੱਚ ਨਵੀਆਂ ਪਹਿਲਕਦਮੀਆਂ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਸੈਮੀਨਾਰ ਵਿੱਚ ਇੱਕ ਪ੍ਰਮੁੱਖ ਵਿਗਿਆਨਕ ਖੋਜ ਅਧਾਰਤ ਜਰਨਲ, ਜੇ-ਟੈਕੇਮ ਵੀ ਲਾਂਚ ਕੀਤਾ ਗਿਆ। ਜਿਸਦਾ ਉਦੇਸ਼ ਆਯੁਰਵੈਦਿਕ ਗਿਆਨ ਨੂੰ ਆਧੁਨਿਕ ਵਿਗਿਆਨ ਨਾਲ ਜੋੜਨਾ ਹੈ ਇਸ ਤੋਂ ਬਾਅਦ, ਵੱਖ-ਵੱਖ ਖੇਤਰਾਂ ਦੇ ਮਾਹਿਰਾਂ ਨੇ ਪਲੈਨਰੀ ਸੈਸ਼ਨਾਂ ਵਿੱਚ ਸੰਬੰਧਿਤ ਵਿਸ਼ਿਆਂ ’ਤੇ ਚਰਚਾ ਕੀਤੀ। ਡਾ. ਮਹਿੰਦਰ ਬਿਸ਼ਨੋਈ, ਵਿਗਿਆਨੀ ਐਫ, ਬ੍ਰਿਕ-ਨੈਸ਼ਨਲ ਐਗਰੀ-ਫੂਡ ਐਂਡ ਬਾਇਓ ਮੈਨੂਫੈਕਚਰਿੰਗ ਇੰਸਟੀਚਿਊਟ (ਐਨਏਬੀਆਈ), ਮੋਹਾਲੀ ਨੇ “ਖੁਰਾਕ, ਪੋਸ਼ਣ ਅਤੇ ਜਨਤਕ ਸਿਹਤ” ਵਿਸ਼ੇ ’ਤੇ ਗੱਲ ਕੀਤੀ, ਜਿਸ ਵਿੱਚ ਰੀਸੈਪਟਰ ਫਾਰਮਾਕੋਲੋਜੀ ’ਤੇ ਚਾਨਣਾ ਪਾਇਆ ਗਿਆ। ਡਾ. ਪ੍ਰਸਾਦ ਵੀ. ਭਰਤਮ, ਪ੍ਰੋਫੈਸਰ, ਮੈਡੀਸਨਲ ਕੈਮਿਸਟਰੀ, ਨਾਈਪਰ, ਮੋਹਾਲੀ ਨੇ “ਫਾਰਮਾਕੋਇਨਫਾਰਮੈਟਿਕਸ” ’ਤੇ ਇੱਕ ਪੇਸ਼ਕਾਰੀ ਦਿੱਤੀ, ਜਿਸ ਵਿੱਚ ਦਵਾਈ ਦੀ ਖੋਜ ਵਿੱਚ ਕੰਪਿਊਟੇਸ਼ਨਲ ਟੂਲਸ ਨੂੰ ਉਜਾਗਰ ਕੀਤਾ ਗਿਆ। ਪ੍ਰੋਫੈਸਰ ਸੰਜੇ ਜਾਚਕ, ਪ੍ਰੋਫੈਸਰ, ਕੁਦਰਤੀ ਉਤਪਾਦ ਵਿਭਾਗ, ਨਾਈਪਰ, ਮੋਹਾਲੀ ਨੇ “ਫਾਰਮਾਕੋਗਨੋਸੀ ਅਤੇ ਕੁਦਰਤੀ ਉਤਪਾਦ” ਵਿਸ਼ੇ ’ਤੇ ਗੱਲ ਕੀਤੀ, ਦਵਾਈ ਵਿੱਚ ਕੁਦਰਤੀ ਮਿਸ਼ਰਣਾਂ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਡਾ. ਬਹੇਤੀ ਰਾਮਜੀਵਨ ਸੰਦੀਪਕੁਮਾਰ, ਖੋਜ ਅਧਿਕਾਰੀ, ਕੇਂਦਰੀ ਆਯੁਰਵੇਦ ਖੋਜ ਸੰਸਥਾਨ, ਪਟਿਆਲਾ ਨੇ CCRAS ਰਾਹੀਂ ਆਯੁਰਵੇਦ ਖੋਜ ਬਾਰੇ ਅਪਡੇਟਸ ਪ੍ਰਦਾਨ ਕੀਤੇ ਇਸ ਤੋਂ ਪਹਿਲਾਂ ਐਤਵਾਰ ਰਾਤ ਨੂੰ ਸਾਬਕਾ ਵਿਦਿਆਰਥੀ ਮਿਲਣੀ ਦਾ ਵੀ ਆਯੋਜਨ ਕੀਤਾ ਗਿਆ ਸੀ ਜਿਸ ਵਿੱਚ 2008 ਬੈਚ ਤੋਂ ਬਾਅਦ ਪਾਸ ਆਊਟ ਹੋਏ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਇਹ ਸੈਮੀਨਾਰ ਮੰਗਲਵਾਰ ਨੂੰ ਸਮਾਪਤ ਹੋਵੇਗਾ।

### ਨਿਸ਼ਚਿਤ ਦਿਨਾਂ ਅੰਦਰ ਸੇਵਾਵਾਂ ਮੁਹੱਈਆ ਨਾ ਕਰਵਾਉਣ ’ਤੇ

# ਅਧਿਕਾਰੀਆਂ ਖਿਲਾਫ ਕੀਤੀ ਜਾਵੇਗੀ ਅਨੁਸ਼ਾਸਨੀ ਕਾਰਵਾਈ

ਅੰਮ੍ਰਿਤਸਰ 21 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ)-ਪੰਜਾਬ ਟਰਾਂਸਪੇਰੇਸੀ ਐਂਡ ਅਕਾਊਂਟਬਿਲਟੀ ਕਮਿਸਨਰ ਦੇ ਚੀਫ ਕਮਿਸਨਰ ਸ੍ਰੀ ਵੀ.ਕੇ. ਜੰਜੂਆ ਨੇ ਅੱਜ ਸੇਵਾ ਕੇਦਰਾਂ ਰਾਹੀ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੇਵਾਵਾਂ ਨੂੰ ਲੈ ਕੇ ਜ਼ਿਲ੍ਹਾ ਅਧਿਕਾਰੀਆਂ ਨਾਲ ਪ੍ਰਬੰਧਕੀ ਕੰਪਲੈਕਸ ਵਿਖੇ ਰੀਵਿਊ ਮੀਟਿੰਗ ਕਰਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਵਲੋ ਲੋਕਾਂ ਨੂੰ ਵੱਖ ਵੱਖ ਸੇਵਾਵਾਂ ਦੇਣ ਲਈ ਇਕ ਨਿਸ਼ਿਚਤ ਸਮਾਂ ਤੈਅ ਕੀਤਾ ਗਿਆ ਹੈ ਅਤੇ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਉਹ ਨਿ.ਸਚਿਤ ਸਮੇ ਦੇ ਅੰਦਰ ਅੰਦਰ ਹੀ ਸੇਵਾਵਾਂ ਮੁਹੱਈਆਂ ਕਰਵਾਉਣਾ ਯਕੀਨੀ ਬਣਾਉਣ। ਮੀਟਿੰਗ ਦੋਰਾਨ ਸੰਬੋਧਨ ਕਰਦਿਆਂ ਸ੍ਰੀ ਵੀ.ਕੇ. ਜੰਜੂਆ ਨੇ ਕਿਹਾ ਕਿ ਪਹਿਲਾ ਰਾਈਟ ਟੂ ਸਰਵਸਿਸ ਐਕਟ ਪਾਸ ਕੀਤਾ ਗਿਆ ਸੀ ਜਿਸ ਵਿੱਚ ਕੋਈ ਵੀ ਵਿਅਕਤੀ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਸੇਵਾਵਾਂ ਆਨ ਲਾਈਨ ਪ੍ਰਾਪਤ ਕਰ ਸਕਦਾ ਹੈ ਅਤੇ ਇਨ੍ਹਾਂ ਸੇਵਾਵਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਹੇਈਆਂ ਕਰਵਾਇਆ ਜਾਂਦਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਰਵਸਿਸ ਨੂੰ ਹੋਰ ਵੀ ਵਧੀਆ ਢੰਗ ਨਾਲ ਲੋਕਾਂ ਤੱਕ ਪਹੁੰਚਾਉਂਣ ਦੇ ਉਦੇਸ ਨਾਲ ਹੀ ਟਰਾਂਸਪੇਰੇਸੀ ਐਂਡ ਅਕਾਊਂਟਬਿਲਟੀ ਐਕਟ-2018 ਹੋਂਦ ਵਿੱਚ ਲਿਆਂਦਾ ਗਿਆ। ਜਿਸ ਨਾਲ ਸਰਕਾਰੀ ਸਰਵਸਿਸ ਵਿੱਚ ਹੋਰ ਵੀ ਤੇਜ਼ੀ ਆਈ ਹੈ। ਉਨ੍ਹਾਂ ਕਿਹਾ ਕਿ ਆਉਂਣ ਵਾਲੇ ਸਮੇਂ ਅੰਦਰ ਉਪਰੋਕਤ ਐਕਟ ਅੰਦਰ ਹੋਰ ਅਪਡੇਸਨ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਨਿਰਧਾਰਤ ਸਮੇਂ ਦੇ ਅੰਦਰ ਅੰਦਰ ਹੀ ਮਿਲ ਸਕੇ। ਸ਼੍ਰੀ ਜੰਜੂਆਂ ਨੇ ਸਪਸ਼ਟ ਸ਼ਬਦਾਂ ਵਿਚ ਅਧਿਕਾਰੀਆਂ ਨੂੰ ਕਿਹਾ ਕਿ ਜਿੰਨ੍ਹਾ ਅਧਿਕਾਰੀਆਂ ਵਲੋ ਸੇਵਾਵਾਂ ਮੁਹੱਈਆਂ ਕਰਵਾਉਣ ਵਿਚ ਦੇਰੀ ਕੀਤੀ ਜਾਂਦੀ ਹੈ, ਦੇ ਵਿਰੁੱਧ ਅਨੁਸ਼ਾਸਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ ਅਤੇ ਉਨ੍ਹਾਂ ਅਧਿਕਾਰੀਆਂ ਨੂੰ ਚਾਰਜਸ਼ੀਟ ਵੀ ਕੀਤਾ ਜਾ ਸਕਦਾ ਹੈ। ਇਸਦੇ ਨਾਲ ਨਾਲ 5 ਹ.ਜ਼ਾਰ ਰੁਪਏ ਪ੍ਰਤੀ ਕੇਸ ਜੁਰਮਾਨਾਂ ਵੀ ਕੀਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਕਿਸੇ ਵਿਅਕਤੀ ਵਲੋ ਜਦੋਂ ਵੀ ਕੋਈ ਸੇਵਾ ਲਈ ਆਨਲਾਈਨ ਅਪਲਾਈ ਕੀਤੀ ਜਾਂਦਾ ਹੈ ਤਾਂ ਅਧਿਕਾਰੀ ਕੇਵਲ ਇਕ ਵਾਰ ਵੀ ਉਸਦੀ ਐਲਪੀਕੇਸ਼ੰਨ ਤੇ ਇਤਰਾਜ਼ ਲਗਾ ਸਕਦਾ ਹੈ। ਉਨਾਂ ਦੱਸਿਆ ਕਿ ਸਰਕਾਰ ਵਲੋ ਆਨਲਾਈਨ ਸੇਵਾਵਾਂ ਦੇਣ ਦਾ ਮੁੱਖ ਮਕਸਦ ਹੈ ਕਿ ਲੋਕਾਂ ਨੂੰ ਦਫਤਰਾਂ ਦੇ ਚੱਕਰ ਨਾ ਮਾਰਣੇ ਪੈਣ ਅਤੇ ਉਨ੍ਹਾਂ ਨੂੰ ਘਰ ਬੈਠੇ ਹੀ ਸਰਕਾਰੀ ਸੇਵਾਵਾਂ ਦਾ ਲਾਭ ਮਿਲ ਸਕੇ। ਇਸ ਮੋਕੇ ਤੇ ਉਨ੍ਹਾਂ ਕਿਹਾ ਕਿ ਮੀਟਿੰਗ ਵਿੱਚ ਹਾਜਰ ਕਾਰਪੋਰੇਸਨ, ਪੁਲਿਸ ਅਤੇ ਜਿਲ੍ਹਾ ਪ੍ਰਸਾਸਨ ਨੂੰ ਵੀ ਹਦਾਇਤ ਕੀਤੀ ਕਿ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਵੱਖ ਵੱਖ ਸੇਵਾਵਾਂ ਦਾ ਸਮੇਂ ਸਾਰਨੀ ਚਾਰਟ ਦਫਤਰਾਂ ਦੇ ਬਾਹਰ ਡਿਸਪਲੇ ਕੀਤਾ ਜਾਵੈ ਤਾਂ ਜੋ ਲੋਕ ਇਨ੍ਹਾਂ ਸੇਵਾਵਾਂ ਦੇ ਨਿਰਧਾਰਤ ਸਮੇਂ ਤੋਂ ਜਾਣੂ ਹੋ ਸਕਣ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ਼.ੀਮਤੀ ਜੋਤੀ ਬਾਲਾ ਨੇ ਦੱਸਿਆ ਕਿ ਉਹ ਹਰ ਹਫਤੇ ਸਾਰੇ ਵਿਭਾਗਾਂ ਕੋਲੋ ਪੈਡਿੰਗ ਪਈਆਂ ਸੇਵਾਵਾਂ ਦਾ ਰੀਵਿਊ ਕਰਦੇ ਹਨ ਅਤੇ ਸਬੰਧਤ ਵਿਭਾਗਾਂ ਨੂੰ ਜ਼ਲਦੀ ਹੀ ਪੈਡਿੰਗ ਪਈਆਂ ਸੇਵਾਵਾਂ ਨੂੰ ਹੱਲ ਕਰਨ ਦੇ ਨਿਰਦੇਸ਼ ਦਿੱਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਪ੍ਰਾਥੀ ਨੂੰ ਨਿਸ਼ਿਚਤ ਦਿਨਾਂ ਅੰਦਰ ਸੇਵਾਵਾਂ ਹਾਸਲ ਨਹੀ ਹੁੰਦੀਆਂ ਹਨ ਤਾਂ ਉਹ ਆਪਣੀ ਅਪੀਲ ਜਾਂ ਸ਼ਕਾਇਤ ਕਮਰਾ ਨੂੰ 145 ਵਿਖੇ ਦਰਜ ਕਰਵਾ ਕੇ ਰਸੀਦ ਪ੍ਰਾਪਤ ਕਰ ਸਕਦੇ ਹਨ। ਉਨਾਂ ਦੱਸਿਆ ਕਿ ਇਸ ਤੋ ਇਲਾਵਾ ਕੋਈ ਵੀ ਪ੍ਰਾਥੀ ਸੇਵਾਵਾਂ ਨਾ ਮਿਲਣ ਦੀ ਸੂਰਤ ਵਿਚ ਆਪਣੀ ਅਪੀਲ ਵੀ ਕਰ ਸਕਦਾ ਹੈ।

# ਪੰਜਾਬ ਦੇ ਪਿੰਡਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖੀ ਦੇ ਪ੍ਰਚਾਰ ਲਈ ਸਕੂਲ ਖੋਲ੍ਹੇ ਜਾਣ:ਜਥੇਦਾਰ ਸੁਖਜੀਤ ਸਿੰਘ ਬਘੌਰਾ

ਰਾਜਪੁਰਾ,21 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ)-ਅੱਜ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸਿੰਘ ਸਾਹਿਬ ਜਥੇਦਾਰ ਟੇਕ ਸਿੰਘ ਧਨੌਲਾ ਨੂੰ ਮਿਲਣ ਦਾ ਮੌਕਾ ਮਿਲਣ ਤੇ ਉਹਨਾਂ ਨੂੰ ਜਥੇਦਾਰ ਥਾਪੇ ਤੇ ਇਲਾਕੇ ਵੱਲੋਂ ਅਤੇ ਸਮੁੱਚੀਆਂ ਜਥੇਬੰਦੀਆਂ ਵੱਲੋਂ ਸਿਰਿਪਾਓ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਕੀ ਪਟਵਾਰੀ ਦਰਸ਼ਨ ਸਿੰਘ ਅਤੇ ਹੋਰ ਵੱਖ ਵੱਖ ਆਗੂਆਂ ਨੇ ਭਾਗ ਲਿਆ।ਇਸ ਮੌਕੇ ਜਥੇਦਾਰ ਸਾਹਿਬ ਨੂੰ ਅਪੀਲ ਕਰਦਿਆਂ ਕਿਹਾ ਕਿ ਸਿੱਖੀ ਦੇ ਪ੍ਰਚਾਰ ਲਈ ਵੱਧ ਤੋਂ ਵੱਧ ਪਿੰਡਾਂ ਦੇ ਵਿੱਚ ਪ੍ਰਚਾਰ ਕੀਤਾ ਜਾਵੇ ਅਤੇ ਪੰਜਵੀਂ ਤੋਂ ਲੈ ਕੇ ਦਸਵੀਂ ਦੇ ਸਕੂਲ ਸ਼੍ਰੋਮਣੀ ਕਮੇਟੀ ਨੂੰ ਹੁਕਮ ਕਰਕੇ ਪੰਜਾਬ ਦੇ ਪਿੰਡਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਾਹੀਂ ਸਕੂਲ ਖੁਲ੍ਹਵਾਏ ਜਾਣ। ਜੋ ਕਿ ਜਿਹੜੀ ਸਾਡੀ ਸਿੱਖ ਦੀ ਜਿਹੜਾ ਪਹਿਰਾਵਾ ਜਿਹੜਾ ਖਤਮ ਹੁੰਦਾ ਜਾ ਰਿਹਾ ਉਹਦੀ ਪਹਿਚਾਨ ਬਣੀਂ ਰਹਿ ਸਕੇ ।ਇਸ ਮੌਕੇ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਜੋ ਪੰਜਾਬੀ ਆਪਣੀ ਮਾਂ ਬੋਲੀ ਹੈ ਉਸ ਨੂੰ ਵੀ ਕਾਇਮ ਰੱਖਿਆ ਜਾਵੇ ਇਸ ਤੋਂ ਉਪਰੰਤ ਜਦੋਂ ਅਸੀਂ ਹਰਿਆਣੇ ਦੇ ਵਿੱਚ ਜਾਦੇ ਹਾਂ ਕਿਸੇ ਹੋਰ ਸਟੇਟਾਂ ਵਿੱਚ ਜਾਂਦੇ ਉਥੇ ਹਿੰਦੀ ਅਤੇ ਇੰਗਲਿਸ਼ ਵਿੱਚ ਬੋਰਡ ਲਗਾਏ ਗਏ ਹੁੰਦੇ ਹਨ ਅਸੀਂ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਤੋਂ ਇਸ ਗੱਲ ਦੀ ਮੰਗ ਕਰਦੇ ਹਾਂ ਜਿੰਨੇ ਵੀ ਸੂਬੇ ਹਨ ਸਾਰਿਆਂ ਦੇ ਵਿੱਚ ਪੰਜਾਬੀ ਪਹਿਲੇ ਨੰਬਰ ਤੇ ਹੋਣੀ ਚਾਹੀਦੀ ਹੈ।



# ਸਿਹਤ ਵਿਭਾਗ ਵੱਲੋਂ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਮੈਰੀਟੋਰੀਅਸ ਸਕੂਲ ਵਿੱਚ ਕਰਾਇਆ ਗਿਆ ਵਿਸ਼ੇਸ਼ ਸਮਾਗਮ

**ਅੰਮ੍ਰਿਤਸਰ 21 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ)**-ਸਿਵਲ ਸਰਜਨ ਡਾ ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਮੈਰੀਟੋਰੀਅਸ ਸਕੂਲ ਅੰਮ੍ਰਿਤਸਰ ਵਿਖੇ ਡੇਗੂ ਜਾਗਰੂਕਤਾ ਮੁਹਿੰਮ ਤਹਿਤ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਇਸ ਦੌਰਾਨ ਜਾਣਕਾਰੀ ਦਿੰਦਿਆਂ ਜਿਲਾ ਐਪੀਡਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਮੂਹ ਸਕੂਲਾਂ ਦੇ ਸਕੂਲ ਹੈਲਥ ਨੋਡਲ ਅਫਸਰਾਂ ਅਤੇ ਬੱਚਿਆਂ ਨੂੰ ਡੇਂਗੂ ਸਬੰਧੀ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੇ ਤਹਿਤ ਸਾਰੇ ਸਕੂਲਾਂ ਦੇ ਬੱਚਿਆਂ ਨੂੰ ਡੇਂਗੂ ਦੇ ਲੱਛਣ ਬਚਾਓ ਅਤੇ ਸਾਵਧਾਨੀਆਂ ਸਬੰਧੀ ਵਿਸ਼ੇਸ਼ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਸੰਬੰਧ ਵਿੱਚ ਅੱਜ ਮੈਰੀਟੋਰੀਅਸ ਸਕੂਲ ਅੰਮ੍ਰਿਤਸਰ ਵਿਖੇ ਸਕੂਲ ਦੇ ਬੱਚਿਆਂ ਅਤੇ ਅਧਿਆਪਕਾ ਨੂੰ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਵੱਲੋਂ ਸਕੂਲ ਦੇ ਬੱਚਿਆਂ ਨੂੰ ਅਤੇ ਅਧਿਆਪਕਾਂ ਨੂੰ ਡੇਗੂ ਤੋਂ ਬਚਾਓ ਅਤੇ ਸਾਵਧਾਨੀਆਂ ਸਬੰਧੀ ਟ੍ਰੇਨਿੰਗ ਦਿੱਤੀ ਗਈ ਅਤੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਪਾਣੀ ਵਿੱਚ ਆਂਡੇ ਦਿੰਦਾ ਹੈ ਅਤੇ ਦਿਨ ਵੇਲੇ ਕੱਟਦਾ ਹੈ। ਇਸ ਲਈ ਸਾਨੂੰ ਪੂਰੀ ਬਾਂਹ ਦੇ ਕੱਪੜੇ ਪਾ ਕੇ ਰੱਖਣੇ ਚਾਹੀਦੇ ਹਨ ਅਤੇ ਆਪਣੇ ਘਰਾਂ ਦੇ ਆਸ ਪਾਸ ਗਮਲਿਆਂ, ਕੂਲਰਾਂ, ਟਾਇਰਾ, ਫਰਿਜ ਦੀਆਂ ਟਰੇਆ ਅਤੇ ਛੱਤਾਂ ਦੇ ਪਏ ਨਕਾਰਾ ਸਮਾਨ ਵਿੱਚ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ। ਡੇਂਗੂ ਦੇ ਵਿਸ਼ੇਸ਼ ਲੱਛਣ ਹਨ ਜਿਵੇਂ ਕਿ ਤੇਜ ਬੁਖਾਰ, ਸਿਰ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸਪੇਸ਼ੀਆਂ ਤੇ ਜੋੜਾਂ ਦਾ ਦਰਦ, ਸਰੀਰ ਤੇ ਦਾਣੇ ਨਿਕਲਣੇ, ਉਲਟੀ ਆਉਣਾ, ਨੱਕ ਜਾਂ ਮੂੰਹ ਵਿੱਚੋਂ ਖੂਨ ਆਉਣਾ ਆਦੀ ਹੈ, ਇਸ ਲਈ ਕੋਈ ਵੀ ਲੱਛਣ ਸਾਹਮਣੇ ਆਉਣ ਤੇ ਤੁਰੰਤ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ। ਇਸ ਮੌਕੇ ਤੇ ਐਸ.ਆਈ. ਸੁਖਦੇਵ ਸਿੰਘ, ਹਰਕਮਲ ਸਿੰਘ, ਰਸਪਾਲ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

# ਸਰਕਾਰੀ ਸਕੂਲਾਂ ਵਿਚ ਬੱਚਿਆਂ ਲਈ ਬਣਾਏ ਗਏ ਨੇ ਆਧੁਨਿਕ ਕਲਾਸ ਰੂਮ-ਵਿਧਾਇਕਾ ਜੀਵਨਜੋਤ ਕੌਰ

### ਸਰਕਾਰ ਗ੍ਰਾਂਟਾਂ ਦੇ ਗੱਫੇ ਦੇ ਕੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ

**ਅੰਮ੍ਰਿਤਸਰ 21 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ )**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਹਰ ਤਰ੍ਹਾਂ ਦੀਆਂ ਮੁਢਲੀਆਂ ਸਹੂਲਤਾਂ ਮੁਹੱਈਆ ਕਰਵਾਈਆ ਜਾ ਰਹੀਆਂ ਹਨ ਅਤੇ ਹੁਣ ਸਰਕਾਰੀ ਸਕੂਲਾਂ ਵਿਚ ਵੀ ਬੱਚਿਆਂ ਨੂੰ ਆਧੁਨਿਕ ਢੰਗ ਨਾਲ ਸਿੱਖਿਆ ਦੇਣ ਲਈ ਆਧੁਨਿਕ ਕਲਾਸ ਰੂਮ ਬਣਾਏ ਜਾ ਰਹੇ ਹਨ। ਇੰਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਹਲਕਾ ਪੂਰਬੀ ਤੋ ਵਿਧਾਇਕਾ ਸ਼੍ਰੀਮਤੀ ਜੀਵਨ ਜੋਤ ਕੌਰ ਨੇ ਸਰਕਾਰੀ ਐਲੀਮੈਟਰੀ ਸਕੂਲ ਕ੍ਰਿਸ਼ਨਾ ਨਗਰ, ਸਰਕਾਰੀ ਮਿਡਲ ਸਕੂਲ ਕ੍ਰਿਸ਼ਨਾ ਨਗਰ, ਸਰਕਾਰੀ ਮਿਡਲ ਸਕੂਲ ਰਸੂਲਪੁਰ ਰੋਹੀ ਅਤੇ ਸਰਕਾਰੀ ਐਲੀਮੈਟਰੀ ਸਕੂਲ ਰਸੂਲਪੁਰ ਰੋਹੀ ਵਿਖੇ ਕਰੀਬ 12 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਇੰਨ੍ਹਾਂ ਸਕੂਲਾ ਵਿਚ ਸਕੂਲਾ ਦੀ ਚਾਰਦੀਵਾਰੀ, ਸਕੂਲਾਂ ਦੀ ਮੁਰੰਮਤ ਅਤੇ ਹੋਰ ਵਿਕਾਸ ਕਾਰਜ ਕੀਤੇ ਜਾਣ ਹਨ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਕੂਲਾ ਦੇ ਬੁਨਿਆਦੀ ਢਾਂਚੇ ਵੱਲ ਕੋਈ ਧਿਆਨ ਨਹੀ ਦਿੱਤਾ ,ਜਿਸ ਕਰਕੇ ਸਰਕਾਰੀ ਸਕੂਲਾਂ ਵਿਚ ਬੱਚਿਆ ਦੀ ਗਿਣਤੀ ਕਾਫੀ ਘੱਟ ਗਈ ਸੀ। ਵਿਧਾਇਕਾ ਨੇ ਕਿਹਾ ਕਿ ਹੁਣ ਸਰਕਾਰ ਵਲੋ ਸਕੂਲਾਂ ਵਿਚ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਵੱਡੀ ਗਿਣਤੀ ਵਿਚ ਲੋਕ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾ ਰਹੇ ਹਨ।

ਵਿਧਾਇਕਾ ਜੀਵਨਜੋਤ ਕੋਰ ਨੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੀ ਬਦਲੀ ਜਾ ਰਹੀ ਨੁਹਾਰ ’ਤੇ ਖੁਸ਼ੀ ਜਾਹਰ ਕਰਦਿਆਂ ਸਰਕਾਰ ਪਾਸੋਂ ਇੰਜ ਹੀ ਸਕੂਲਾਂ ਦੀ ਮਦਦ ਕਰਦੇ ਰਹਿਣ ਲਈ ਬੇਨਤੀ ਕੀਤੀ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨਾਲ ਪੂਰੇ ਸੂਬੇ ਦੀ ਨੁਹਾਰ ਬਦਲ ਦਿੱਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243